ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 18 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੩ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਦੇ ਪੁੱਤਰ ਗੁਰਪ੍ਰੀਤ ਸਿੰਘ ਨੇ ਅਦਾਲਤ ’ਚ ਕੀਤਾ ਆਤਮ ਸਮਰਪਣ

ਮੋਹਾਲੀ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ’ਚ ਨਾਮਜ਼ਦ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਤੇ ਉਸ ਦੇ ਪਰਿਵਾਰਕ ਮੈਂਬਰਾਂ ਖਿਲਾਫ਼ ਭ੍ਰਿਸ਼ਟਾਚਾਰ ਦੇ ਦੋਸ਼ਾਂ ਤਹਿਤ ਦਰਜ ਮਾਮਲੇ ’ਚ ਉਨ੍ਹਾਂ ਦੇ ਪੁੱਤਰ ਗੁਰਪ੍ਰੀਤ ਸਿੰਘ ਨੇ ਅਦਾਲਤ ਵਿਚ ਆਤਮ ਸਮਰਪਣ ਕਰ ਦਿੱਤਾ ਹੈ। ਅਦਾਲਤ ਵੱਲੋਂ ਮੌਕੇ ’ਤੇ ਹੀ ਉਸ ਦੀ ਜ਼ਮਾਨਤ ਮਨਜ਼ੂਰ ਕਰ ਲਈ ਗਈ ਹੈ ਅਤੇ ਧਰਮਸੋਤ ਦੀ ਪਤਨੀ ਸ਼ੀਲਾ ਦੇਵੀ ਅਤੇ ਦੂਜੇ ਪੁੱਤਰ ਹਰਪ੍ਰੀਤ ਸਿੰਘ ਨੂੰ 30 ਸਤੰਬਰ ਨੂੰ ਅਦਾਲਤ ਵਿਚ ਪੇਸ਼ ਹੋਣ ਲਈ ਸੰਮਨ ਜਾਰੀ ਕੀਤੇ ਗਏ ਹਨ। ਵਿਜੀਲੈਂਸ ਵੱਲੋਂ ਦਰਜ ਕੀਤੀ ਗਈ ਐਫ.ਆਈ.ਆਰ. ’ਚ ਦੋਸ਼ ਲਾਇਆ ਗਿਆ ਹੈ ਕਿ ਸਾਬਕਾ ਜੰਗਲਾਤ ਮੰਤਰੀ ਸਾਧੂ ਸਿੰਘ ਧਰਮਸੋਤ ਵੱਲੋਂ ਕੀਤੀ ਆਮਦਨ ਤੇ ਕੀਤੇ ਗਏ ਖਰਚ ਦਾ ਚਾਰਟ 1 ਮਾਰਚ 2016 ਤੋਂ 31 ਮਾਰਚ 2022 ਤੱਕ ਦੀ ਜਾਂਚ ਮਿਆਦ ਦੇ ਸਬੰਧ ’ਚ ਜਾਇਦਾਦ ਦਾ ਪਤਾ ਲਾਉਣ ਲਈ ਤਿਆਰ ਕੀਤਾ ਗਿਆ ਹੈ, ਜਿਸ ਮੁਤਾਬਕ ਸਾਧੂ ਸਿੰਘ ਧਰਮਸੋਤ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਇਸ ਦੌਰਾਨ 2,37,12,596 ਰੁਪਏ ਦੀ ਆਮਦਨ ਕੀਤੀ। ਇਸ ਚੈਕ ਪੀਰੀਅਡ ਦੌਰਾਨ 8,76,30,888.87 ਰੁਪਏ ਦਾ ਖਰਚ ਕੀਤਾ ਸੀ।

## ਰਾਹੁਲ ਗਾਂਧੀ ਦੇ ਹੱਕ ’ਚ ਆਈ ਐਸਜੀਪੀਸੀ ਮੈਂਬਰ

# ਇੰਦਰਾ ਨੇ ਦਰਬਾਰ ਸਾਹਿਬ ’ਤੇ ਹਮਲਾ ਕੀਤਾ ਤਾਂ ਇਸ ’ਚ ਉਸ ਦੇ ਪੋਤਰੇ ਦਾ ਕੀ ਦੋਸ਼ ?

ਅੰਮ੍ਰਿਤਸਰ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)– ਰਾਹੁਲ ਗਾਂਧੀ ਨੂੰ ਸਿਰੋਪਾਓ ਦੇਣ ਦਾ ਮਾਮਲਾ ਇਸ ਵੇਲੇ ਪੂਰੀ ਤਰ੍ਹਾਂ ਨਾਲ ਭਖਿਆ ਹੋਇਆ ਹੈ। ਇਸ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੁਣ





ਸਖ਼ਤ ਕਾਰਵਾਈ ਕੀਤੀ ਹੈ। ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਸਮਾਧ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਨੂੰ ਸਸਪੈਂਡ ਕਰ ਦਿੱਤਾ ਹੈ। ਹਾਲਾਂਕਿ ਇਸ ਤੋਂ ਬਾਅਦ ਇੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੈਂਬਰ ਹੀ ਰਾਹੁਲ ਗਾਂਧੀ ਦੇ ਹੱਕ ਵਿੱਚ ਖੜ੍ਹੀ ਨਜ਼ਰ ਆਈ। ਦਰਅਸਲ, ਐਸਜੀਪੀਸੀ ਮੈਂਬਰ ਕਿਰਨਜੀਤ ਕੌਰ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਮੇਰੀ ਗੱਲ ਬੜੇ ਲੋਕਾਂ ਨੂੰ ਚੰਗੀ ਨਹੀਂ ਲਗਣੀ ਪਰ ਮੈਂ ਕਰਨਾ ਚਾਹੁੰਦੀ ਹਾਂ। ਜੇ ਇੰਦਰਾ ਗਾਂਧੀ ਨੇ ਦਰਬਾਰ ਸਾਹਿਬ ਤੇ ਹਮਲਾ ਕੀਤਾ, ਕੌਮ ਨੇ ਬਖਸ਼ਿਆ ਨਹੀਂ। ਹਿਸਾਬ ਬਰਾਬਰ। ਉਸ ਦੇ ਪੋਤਰੇ ਦਾ ਕੀ ਦੋਸ਼ ਜੋ ਆਪ ਉਸ ਵਕਤ ਬੱਚਾ ਸੀ ? ਰਾਹੁਲ ਗਾਂਧੀ ਇਕ ਨਿਮਾਣੇ ਬੰਦੇ ਵਾਂਗੂ ਕਈ ਵਾਰ ਦਰਬਾਰ ਸਾਹਿਬ ਆਇਆ ਹੈ ਤੇ ਉਸ ਨੇ ਸਿੱਖਾਂ ਖਿਲਾਫ ਕੋਈ ਗੱਲ ਨਹੀਂ ਕੀਤੀ। ਇਸ ਲਈ ਦਾਦੀ ਦੇ ਗੁਨਾਹਾਂ ਲਈ ਉਹ ਜ਼ਿੰਮੇਵਾਰ ਨਹੀਂ ਠਹਿਰਾਇਆ ਜਾ ਸਕਦਾ। ਜ਼ਿਕਰ ਕਰ ਦਈਏ ਕਿ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ 15 ਸਤੰਬਰ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਲਈ ਅੰਮ੍ਰਿਤਸਰ ਆਏ ਸਨ। ਇਸ ਦੌਰਾਨ ਗੁਰਦੁਆਰਾ ਸਮਾਧ ਬਾਬਾ ਬੁੱਢਾ ਸਾਹਿਬ ਵਿਖੇ ਰਾਹੁਲ ਗਾਂਧੀ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤੀ ਗਿਆ ਇਸ ਤੋਂ ਬਾਅਦ ਹੁਣ ਵਿਵਾਦ ਖੜ੍ਹਾ ਹੋ ਗਿਆ ਸੀ। ਵੱਖ-ਵੱਖ ਸਿੱਖ ਸੰਗਠਨਾਂ ਨੇ ਸ਼੍ਰੋਮਣੀ ਕਮੇਟੀ ਅੱਗੇ ਇਸ ’ਤੇ ਇਤਰਾਜ਼ ਦਰਜ ਕਰਵਾਏ। ਜਦੋਂ ਮਾਮਲਾ ਸ਼੍ਰੋਮਣੀ ਕਮੇਟੀ ਦੇ ਧਿਆਨ ਵਿੱਚ ਆਇਆ ਤਾਂ ਉਨ੍ਹਾਂ ਨੇ ਇਸ ਦਾ ਨੋਟਿਸ ਲਿਆ ਤੇ ਹੁਣ ਇਸ ਮਾਮਲੇ ਵਿੱਚ ਕਾਰਵਾਈ ਕਰ ਦਿੱਤੀ ਗਈ ਹੈ।

## ਰਾਹੁਲ ਗਾਂਧੀ ਨੂੰ ਸਿਰੋਪਾਓ ਦੇਣ ਤੋਂ ਬਾਅਦ ਭੜਕਿਆ ਗੁਰਪਤਵੰਤ ਪੰਨੂ, ਰਾਜਾ ਵੜਿੰਗ ਤੇ ਗੁਰਜੀਤ ਔਜਲਾ ਨੂੰ ਦਿੱਤੀ ਧਮਕੀ, ਏਜੰਸੀਆਂ ਹੋਈਆਂ ਚੌਕਸ

**ਖਾਲਿਸਤਾਨ ਪੱਖੀ ਸੰਗਠਨ ਸਿੱਖਸ ਫਾਰ ਜਸਟਿਸ ਨੇ ਅੰਮ੍ਰਿਤਸਰ ਵਿੱਚ** ਵਿਵਾਦਪੂਰਨ ਗਤੀਵਿਧੀਆਂ ਦਾ ਦਾਅਵਾ



ਕੀਤਾ ਹੈ। ਸੰਗਠਨ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਦਾ ਦਾਅਵਾ ਹੈ ਕਿ ਉਸਨੇ ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ਕੰਪਲੈਕਸ ਦੀਆਂ ਕੰਧਾਂ ’ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਸਨ ਤੇ ਗਾਂਧੀ ਪਰਿਵਾਰ ਵਿਰੁੱਧ ਸਪਰੇਅ ਪੇਂਟ ਕੀਤੇ ਨਾਅਰੇ ਵੀ ਲਿਖੇ ਸਨ। ਪੰਨੂ ਨੇ ਵੀਡੀਓ ਵਿੱਚ ਕਿਹਾ ਕਿ ਰਾਹੁਲ ਗਾਂਧੀ, ਰਾਜਾ ਵੜਿੰਗ ਅਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਜਿਨ੍ਹਾਂ ਨੇ 1984 ਦੇ ਕਾਤਲਾਂ ਨੂੰ ਪਨਾਹ ਦਿੱਤੀ ਸੀ, ਸਾਡੇ ਨਿਸ਼ਾਨੇ ’ਤੇ ਹਨ। ਸੰਗਠਨ ਨੇ ਅੰਮ੍ਰਿਤਸਰ ਰੇਲਵੇ ਸਟੇਸ਼ਨ ’ਤੇ ਪ੍ਰਧਾਨ ਮੰਤਰੀ ਮੋਦੀ ਵਿਰੁੱਧ ਨਾਅਰੇ ਵੀ ਲਿਖੇ। ਪੰਨੂ ਨੇ ਦਾਅਵਾ ਕੀਤਾ ਕਿ ਉਹ ਆਉਣ ਵਾਲੀ ਦੀਵਾਲੀ ’ਤੇ “ਅਯੁੱਧਿਆ ਤੋਂ ਹਰਿਦੁਆਰ ਤੱਕ ਬਲੈਕਆਊਟ” ਕਰ ਦੇਵੇਗਾ। ਪੰਨੂ ਨੇ ਕਿਹਾ ਕਿ ਉਹ ਇਸ ਸਮਾਗਮ ਨੂੰ, ਜਿਸ ਵਿੱਚ 2.6 ਮਿਲੀਅਨ ਦੀਵੇ ਜਗਾਉਣੇ ਸ਼ਾਮਲ ਹਨ, ਹਨੇਰੇ ਵਿੱਚ ਬਦਲ ਦੇਣਗੇ। ਪੰਨੂ ਨੇ ਇਹ ਵੀ ਕਿਹਾ ਕਿ ਉਨ੍ਹਾਂ ਦਾ ਨਿਸ਼ਾਨਾ ਦੀਵਾਲੀ ਤੇ ਅਯੁੱਧਿਆ ਹਨ, ਜਿਨ੍ਹਾਂ ਨੂੰ ਉਹ “ਹਿੰਦੂਤਵ ਅੱਤਵਾਦ” ਦਾ ਪ੍ਰਤੀਕ ਮੰਨਦੇ ਹਨ। ਸਿੱਖਸ ਫਾਰ ਜਸਟਿਸ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਪੰਜਾਬ ਦੇ ਆਗੂਆਂ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਗੁਰਜੀਤ ਸਿੰਘ ਔਜਲਾ ਨੂੰ ਵੀ ਨਿਸ਼ਾਨਾ ਬਣਾਇਆ ਹੈ। ਸੰਗਠਨ ਦਾ ਦੋਸ਼ ਹੈ ਕਿ ਇਨ੍ਹਾਂ ਆਗੂਆਂ ਨੇ ਗਾਂਧੀ ਪਰਿਵਾਰ ਨੂੰ ਸਿਰੋਪਾਓ ਭੇਟ ਕਰਕੇ 1984 ਦੇ ਸਿੱਖ ਕਤਲੇਆਮ ਵਿੱਚ ਸ਼ਾਮਲ ਪਰਿਵਾਰਾਂ ਦਾ ਸਨਮਾਨ ਕੀਤਾ ਸੀ। ਪੰਨੂ ਨੇ ਇਨ੍ਹਾਂ ਆਗੂਆਂ ਲਈ ਭੱਦੀ ਸ਼ਬਦਾਵਲੀ ਦੀ ਵੀ ਵਰਤੋਂ ਕੀਤੀ ਤੇ ਚੇਤਾਵਨੀ ਵੀ ਦਿੱਤੀ ਕਿ ਉਹ ਖਾਲਿਸਤਾਨ ਸਮਰਥਕਾਂ ਦੇ ਨਿਸ਼ਾਨੇ ’ਤੇ ਹਨ। ਇਸ ਘਟਨਾ ਤੋਂ ਬਾਅਦ, ਪੰਜਾਬ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਅਲਰਟ ਹੋ ਗਈਆਂ ਹਨ। ਅੰਮ੍ਰਿਤਸਰ ਵਿੱਚ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਸਿੱਖਸ ਫਾਰ ਜਸਟਿਸ ਦੀਆਂ ਇਨ੍ਹਾਂ ਗਤੀਵਿਧੀਆਂ ’ਤੇ ਰਾਜਨੀਤਿਕ ਅਤੇ ਸਮਾਜਿਕ ਹਲਕਿਆਂ ਤੋਂ ਤਿੱਖੀ ਪ੍ਰਤੀਕਿਰਿਆ ਆ ਰਹੀ ਹੈ।

## ਪ੍ਰਵਾਸੀਆਂ ਖ਼ਿਲਾਫ਼ ਇੱਕਜੁੱਟ ਹੋਣ ਲੱਗਿਆ ਪੰਜਾਬ, ਪੰਚਾਇਤ ਨੇ ਪਿੰਡ ’ਚ ਐਂਟਰੀ ਕੀਤੀ ਬੈਨ

### ਬਰਨਾਲਾ ਦੇ ਕੱਟੂ ਪਿੰਡ ਦੀ ਗ੍ਰਾਮ ਪੰਚਾਇਤ ਨੇ ਸਰਬਸੰਮਤੀ ਨਾਲ ਪਾਸ ਕੀਤਾ ਮਤਾ



ਬਰਨਾਲਾ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)– ਬਰਨਾਲਾ ਵਿੱਚ ਇੱਕ ਪੰਚਾਇਤ ਨੇ ਬਾਹਰੀ ਲੋਕਾਂ (ਦੂਜੇ ਰਾਜਾਂ ਤੋਂ) ਦੇ ਦਾਖਲੇ ’ਤੇ ਪਾਬੰਦੀ ਲਗਾਉਣ ਦਾ ਮਤਾ ਪਾਸ ਕੀਤਾ ਹੈ। ਬਰਨਾਲਾ ਦੇ ਕੱਟੂ ਪਿੰਡ ਦੀ ਗ੍ਰਾਮ ਪੰਚਾਇਤ ਨੇ ਇਹ ਸਖ਼ਤ ਫੈਸਲਾ ਲਿਆ ਹੈ। ਪਿੰਡ ਵਾਸੀਆਂ ਦੀ ਸਹਿਮਤੀ ਨਾਲ, ਕੱਟੂ ਪਿੰਡ ਦੀ ਪੰਚਾਇਤ ਨੇ ਪ੍ਰਵਾਸੀਆਂ ਦਾ ਪੂਰਨ ਬਾਈਕਾਟ ਕਰਨ ਦਾ ਮਤਾ ਪਾਸ ਕੀਤਾ ਹੈ। ਇਹ ਮਤਾ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਦੇ ਇੱਕ ਵੱਡੇ ਇਕੱਠ ਵਿੱਚ ਸਰਬਸੰਮਤੀ ਨਾਲ ਪਾਸ ਕੀਤਾ ਗਿਆ, ਜਿਸ ਵਿੱਚ ਪਿੰਡ ਦੀ ਮਹਿਲਾ ਸਰਪੰਚ ਦੇ ਪਤੀ ਕਰਨੈਲ ਸਿੰਘ ਵੀ ਸ਼ਾਮਲ ਸਨ। ਪੰਚਾਇਤ ਦੇ ਨੁਮਾਇੰਦਿਆਂ ਦਾ ਕਹਿਣਾ ਹੈ ਕਿ ਹਾਲ ਹੀ ਵਿੱਚ, ਹੁਸ਼ਿਆਰਪੁਰ ਵਿੱਚ ਇੱਕ ਪ੍ਰਵਾਸੀ ਵਿਅਕਤੀ ਨੇ ਇੱਕ ਚਾਰ ਸਾਲ ਦੇ ਬੱਚੇ ਦਾ ਕਤਲ ਕਰ ਦਿੱਤਾ। ਇਸ ਤੋਂ ਇਲਾਵਾ, ਬਰਨਾਲਾ ਦੇ ਤਪਾ ਮੰਡੀ ਵਿੱਚ ਇੱਕ ਪ੍ਰਵਾਸੀ ਵਿਅਕਤੀ ਨੇ ਆਪਣੇ ਹੀ ਸਾਥੀ ਦਾ ਕਤਲ ਕਰ ਦਿੱਤਾ। ਇਨ੍ਹਾਂ ਦੋ ਘਟਨਾਵਾਂ ਦੇ ਮੱਦੇਨਜ਼ਰ, ਕੱਟੂ ਪੰਚਾਇਤ ਨੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਵਾਸੀਆਂ ਦੇ ਪਿੰਡ ਵਿੱਚ ਦਾਖਲ ਹੋਣ ’ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਤੋਂ ਇਲਾਵਾ, ਪਿੰਡ ਵਿੱਚ ਪਹਿਲਾਂ ਤੋਂ ਰਹਿ ਰਹੇ ਪ੍ਰਵਾਸੀਆਂ ਬਾਰੇ ਸਾਰੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਪਿੰਡ ਵਿੱਚ ਪ੍ਰਵਾਸੀਆਂ ਲਈ ਕੋਈ ਪਛਾਣ ਪੱਤਰ ਜਾਂ ਆਧਾਰ ਕਾਰਡ ਜਾਰੀ ਨਹੀਂ ਕੀਤੇ ਜਾਣਗੇ ਤੇ ਪਿੰਡ ਵਿੱਚ ਉਨ੍ਹਾਂ ਦੇ ਦਾਖਲੇ ’ਤੇ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ। ਜੇਕਰ ਪ੍ਰਵਾਸੀ ਵਾਢੀ ਦੇ ਮੌਸਮ ਦੌਰਾਨ ਆਉਂਦੇ ਹਨ, ਤਾਂ ਕੋਈ ਵੀ ਪਿੰਡ ਵਾਸੀ ਜੋ ਉਨ੍ਹਾਂ ਨੂੰ ਪਿੰਡ ਵਿੱਚ ਲਿਆਉਂਦਾ ਹੈ, ਉਨ੍ਹਾਂ ਦੇ ਆਉਣ ਲਈ ਜ਼ਿੰਮੇਵਾਰ ਹੋਵੇਗਾ। ਇਸ ਤੋਂ ਇਲਾਵਾ, ਪੰਚਾਇਤ ਨੇ ਹੋਰ ਫੈਸਲੇ ਵੀ ਲਏ ਹਨ, ਜਿਸ ਵਿੱਚ ਪਿੰਡ ਵਿੱਚ ਰਹਿਣ ਵਾਲੇ ਨੌਜਵਾਨ ਮੁੰਡੇ-ਕੁੜੀਆਂ ਇੱਕ ਦੂਜੇ ਨਾਲ ਵਿਆਹ ਨਹੀਂ ਕਰ ਸਕਣਗੇ। ਜੋ ਲੋਕ ਅਜਿਹਾ ਕਰਦੇ ਹਨ ਜਾਂ ਪਤੀ-ਪਤਨੀ ਵਾਂਗ ਰਹਿੰਦੇ ਹਨ (ਲਿਵ-ਇਨ) ਉਨ੍ਹਾਂ ਦਾ ਪਿੰਡ ਵਿੱਚ ਪੂਰੀ ਤਰ੍ਹਾਂ ਬਾਈਕਾਟ ਕੀਤਾ ਜਾਵੇਗਾ। ਜੇਕਰ ਕੋਈ ਪਿੰਡ ਦੇ ਸਾਂਝੇ ਪੰਚਾਇਤ ਸਥਾਨ, ਸਕੂਲ, ਕਾਲਜ, ਹਸਪਤਾਲ, ਗੁਰੂ ਘਰ, ਪੰਚਾਇਤ ਘਰ, ਖੇਡ ਦੇ ਮੈਦਾਨ ਜਾਂ ਕਿਸੇ ਹੋਰ ਪੰਚਾਇਤ ਸਥਾਨ ਨੂੰ ਨੁਕਸਾਨ ਪਹੁੰਚਾਉਂਦਾ ਹੈ, ਤਾਂ ਉਨ੍ਹਾਂ ਦਾ ਵੀ ਬਾਈਕਾਟ ਕੀਤਾ ਜਾਵੇਗਾ।

## ਸੀਐਮ ਮਾਨ ਨੇ ‘ਮਿਸ਼ਨ ਚੜ੍ਹਦੀਕਲਾ’ ਦੀ ਕੀਤੀ ਸ਼ੁਰੂਆਤ, ਪੰਜਾਬ ਨੂੰ ਮੁੜ ਪੈਰਾਂ ’ਤੇ ਖੜ੍ਹਾ ਕਰਨ ਲਈ ਪੰਜਾਬੀਆਂ ਨੂੰ ਕੀਤੀ ਅਪੀਲ

ਚੰਡੀਗੜ੍ਹ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)– ਮੁੱਖ ਮੰਤਰੀ ਭਗਵੰਤ ਮਾਨ ਨੇ ’ਮਿਸ਼ਨ ਚੜ੍ਹਦੀਕਲਾ’ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਨੇ ਪੰਜਾਬ ਨੂੰ ਮੁੜ ਪੈਰਾਂ ‘ਤੇ ਮਜ਼ਬੂਤੀ ਨਾਲ ਖੜ੍ਹਾ ਕਰਨ ਲਈ ਸਮੂਹ ਪੰਜਾਬੀਆਂ ਨੂੰ ਸਾਥ ਦੇਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਜਿਹੜੇ ਬਹੁਤ ਭਿਆਨਕ ਦੌਰ



ਤੋਂ ਗੁਜ਼ਿਰਆ ਹੈ, ਸ਼ਾਇਦ ਹੋਣ ਵਾਲੀਆਂ ਕਈ ਪੀੜ੍ਹੀਆਂ ਇਸ ਦੌਰ ਨੂੰ ਭੁੱਲ ਨਹੀਂ ਸਕਦੀਆਂ ਹਨ, ਇਸ ਹੜ੍ਹ ਨੇ ਸਿਰਫ ਕਹਿਰ ਨਹੀਂ ਢਾਹਿਆ, ਸਗੋਂ ਲੱਖਾਂ ਸੁਪਨੇ ਵੀ ਪਾਣੀ ਨਾਲ ਵੀ ਵਹਾ ਕੇ ਲੈ ਗਿਆ। ਮੁੱਖ ਮੰਤਰੀ ਨੇ ਦੱਸਿਆ ਕਿ 2300 ਦੇ ਕਰੀਬ ਪਿੰਡ ਡੁੱਬ ਗਏ, 7 ਲੱਖ ਲੋਕ ਬੇਘਰ ਹੋ ਗਏ, 30 ਲੱਖ ਲੋਕ ਪ੍ਰਭਾਵਿਤ ਹੋਏ, 3200 ਦੇ ਕਰੀਬ ਸਕੂਲ ਖੰਡਰ ਬਣ ਗਏ, 56 ਜਾਨਾਂ ਚੱਲੀਆਂ ਗਈਆਂ, 8500 ਕਿਲੋਮੀਟਰ ਸੜਕਾਂ ਬਰਬਾਦ ਹੋ ਗਈਆਂ, 2500 ਪੁੱਲ ਟੁੱਟ ਗਏ ਅਤੇ ਹੋਰ ਸਰਕਾਰੀ ਬਿਲਡਿੰਗਾਂ, 19 ਕਾਲਜ ਖੰਡਰ ਬਣ ਗਏ, ਮੁੱਢਲੇ ਅਨੁਮਾਨਾਂ 13,800 ਕਰੋੜ ਦੇ ਨੁਕਸਾਨ ਹੋ ਗਿਆ। ਸੀਐਮ ਮਾਨ ਨੇ ਕਿਹਾ ਕਿ ਜਦੋਂ ਪਾਣੀ ਘੱਟੇਗਾ ਹੋਰ ਸਰਵੇ ਕੀਤੇ ਜਾਣਗੇ, ਹੋਰ ਜਾਣਕਾਰੀ ਸਾਹਮਣੇ ਆਵੇਗੀ। ਲੋਕ ਕਹਿੰਦੇ ਹਨ ਕਿ ਪੰਜਾਬ ਦੇ ਇਤਿਹਾਸ ਦਾ ਇਹ ਸਭ ਤੋਂ ਭਿਆਨਕ ਦੌਰ, ਮੈਂ ਕਹਿੰਦਾ ਹਾਂ ਕਿ ਪੰਜਾਬ ਦੇ ਸਭ ਤੋਂ ਔਖੇ ਇਮਤਿਹਾਨ ਦੀ ਘੜੀ, ਕਿਉਂਕਿ ਕਿਸੇ ਵੀ ਸੰਕਟ ਵਿੱਚ ਪੰਜਾਬ ਫਸਿਆ ਹੈ ਤਾਂ ਪੰਜਾਬ ਘਬਰਾਇਆ ਨਹੀਂ, ਸਗੋਂ ਸੰਕਟ ਦੇ ਸਾਹਮਣੇ ਹਿੱਕ ਤਾਣ ਕੇ ਖੜਿਆ ਹੈ। ਇਸ ਹੜ੍ਹ ਦੇ ਵਿੱਚ ਨੌਜਵਾਨ ਜਿਹੜੇ ਸਨ, ਉਹ ਆਪਣੀਆਂ ਜਾਨ ਦੀ ਪਰਵਾਹ ਕੀਤਿਆਂ ਬਿਨਾਂ ਅੱਗੇ ਆਏ ਅਤੇ ਇੱਕ ਪਰਿਵਾਰ ਬਣ ਕੇ ਪੰਜਾਬੀ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੇ ਨਾਲ ਖੜ੍ਹੇ ਰਹੇ ਅਤੇ ਇਹ ਹੀ ਸਾਡੀ ਤਾਕਤ ਹੈ। ਮੈਂ ਅਪੀਲ ਕਰਨਾ ਚਾਹੁੰਦਾ ਹਾਂ ਕਿ ਇਹ ਰਾਹਤ ਤੋਂ ਅੱਗੇ ਵਧਣ ਦਾ ਸਮਾਂ ਹੈ, ਕਿਸਾਨਾਂ ਨੇ ਫਿਰ ਖੇਤੀ ਕਰਨੀ ਹੈ, ਬੱਚਿਆਂ ਨੇ ਫਿਰ ਸਕੂਲ ਜਾਣਾ ਹੈ, ਪਰਿਵਾਰਾਂ ਨੇ ਫਿਰ ਚੁੱਲ੍ਹੇ ਬਾਲਣੇ ਨੇ, ਘਰਾਂ ਨੇ ਦੁਬਾਰਾ ਵਸਣਾ ਹੈ, ਇਸ ਲਈ ਅਸੀਂ ਮਿਸ਼ਨ ਚੜ੍ਹਦੀਕਲਾ ਦੀ ਸ਼ੁਰੂਆਤ ਕਰ ਰਹੇ ਹਾਂ। ਮੈਂ ਸਾਡੇ ਪੰਜਾਬ ਦੇ ਨਾਗਰਿਕਾਂ, ਪੂਰੇ ਦੇਸ਼ ਦੇ ਨਾਗਰਿਕਾਂ, ਉਦਯੋਗਪਤੀਆਂ, ਕਲਾਕਾਰਾਂ, ਚੈਰੀਟੇਬਲ ਟਰੱਸਟ ਅਤੇ ਜਿਹੜੇ ਵੀ ਪੰਜਾਬ ਨੂੰ ਪੁਨਰਵਾਸ ਕਰਨ ਲਈ ਅਪਾਣਾ ਹਿੱਸਾ ਪਾਉਣਾ ਚਾਹੁੰਦੇ ਹਨ, ਉਨ੍ਹਾਂ ਨੂੰ ਅਪੀਲ ਹੈ ਕਿ ਆਓ ਪੰਜਾਬ ਨਾਲ ਖੜ੍ਹੀਏ ਅਤੇ ਜੋ ਵੀ ਤੁਸੀਂ ਆਪਣੇ ਦਸਵੰਧ-ਦਸਾਂ-ਨੌਹਾਂ ਦੀ ਕਮਾਈ ਵਿੱਚੋਂ ਦੇਓਗੇ, ਅਸੀਂ ਤੁਹਾਡੇ ਵਲੋਂ ਦਿੱਤਾ ਹੋਇਆ ਇੱਕ-ਇੱਕ ਰੁਪਈਆ ਪੂਰੀ ਪਾਰਦਰਸ਼ਤਾਂ ਨਾਲ ਇਸਤੇਮਾਲ ਕਰਾਂਗੇ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਮੁੱਖ ਬੁਲਾਰੇ ਅਤੇ ਬੁਲਾਰੇ ਨਿਯੁਕਤ

ਚੰਡੀਗੜ੍ਹ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)– ਅੱਜ ਇੱਥੇ ਮੁੱਖ ਦਫ਼ਤਰ ਤੋਂ ਜਾਰੀ ਬਿਆਨ ਵਿੱਚ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋ ਦੱਸਿਆ



ਕਿ ਸ਼੍ਰੋਮਣੀ ਅਕਾਲੀ ਦਲ ਦੀ ਸੋਚ ਨੂੰ ਅਤੇ ਪਾਰਟੀ ਦੇ ਪੱਖ ਨੂੰ ਚੰਗੇ ਢੰਗ ਨਾਲ ਮੀਡੀਆ ਰਾਹੀਂ ਲੋਕਾਂ ਤੱਕ ਪਹੁੰਚਾਉਣ ਲਈ ਵੱਖ-ਵੱਖ ਖੇਤਰਾਂ ਲਈ ਬੁਲਾਰੇ ਨਿਯੁਕਤ ਗਏ ਹਨ। ਜਿਸ ਵਿੱਚ ਮੁੱਖ ਬੁਲਾਰੇ ਸਿਆਸੀ ਖੇਤਰ ਲਈ ਅਤੇ ਮੁੱਖ ਬੁਲਾਰੇ ਧਾਰਮਿਕ ਖੇਤਰ ਲਈ ਨਿਯੁਕਤ ਕੀਤੇ ਗਏ ਹਨ। ਜਿਨਾਂ ਦੇ ਨਾਮ ਤੇ ਦਫ਼ਤਰ ਤੋਂ ਅਧਿਕਾਰਤ ਤੌਰ ਤੇ ਬਿਆਨ ਜਾਰੀ ਹੋਣਗੇ ਤੇ ਇਸੇ ਤਰਾਂ ਟੀਵੀ ਲਈ ਵੀ ਬਾਈਟਾਂ ਜਾਰੀ ਹੋਣਗੀਆਂ। ਦੂਸਰਾ ਜੋ ਵੱਡਾ ਖੇਤਰ ਹੈ ਕਿ ਬਹੁਤ ਸਾਰੇ ਟੀਵੀ ਚੈਨਲਾਂ ਤੇ ਵੈਬ ਚੈਨਲਾਂ ਤੇ ਡਿਬੇਟਾਂ ਹੁੰਦੀਆਂ ਹਨ ਜਿੰਨਾਂ ਤੇ ਬਹੁੱਤ ਸਾਰੇ ਬੁਲਾਰਿਆਂ ਦੀ ਜਰੂਰਤ ਹੈ ਸੋ ਟੀਵੀ ਡਿਬੇਟਾਂ ਲਈ ਵੀ ਬੁਲਾਰੇ ਨਿਯੁਕਤ ਕੀਤੇ ਗਏ ਹਨ ਜੋ ਪਾਰਟੀ ਦਾ ਬਾਖ਼ੂਬੀ ਪੱਖ ਰੱਖਣਗੇ। ਇਹਨਾਂ ਨਵ ਨਿਯੁਕਤ ਬੁਲਾਰਿਆਂ ਦੀ ਜਲਦੀ ਬਾਕਾਇਦਾ ਦੋ ਦਿੱਨਾਂ ਵਰਕਸ਼ਾਪ ਵੀ ਲਗਾਈ ਜਾਵੇਗੀ।

ੳ. ਮੁੱਖ ਬੁਲਾਰੇ ਸਿਆਸੀ ਖੇਤਰ ਲਈ ਜਿੰਨਾਂ ਵਿੱਚ ਚਰਨਜੀਤ ਸਿੰਘ ਬਰਾੜ, ਬਰਜਿੰਦਰ ਸਿੰਘ ਬਰਾੜ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਬੀਬੀ ਪਰਮਜੀਤ ਕੌਰ ਲਾਂਡਰਾਂ, ਜਥੇ: ਕਰਨੈਲ ਸਿੰਘ ਪੀਰਮੁਹੰਮਦ, ਗੁਰਜੀਤ ਸਿੰਘ ਤਲਵੰਡੀ ਹੋਣਗੇ।

ਅ. ਮੁੱਖ ਬੁਲਾਰੇ ਧਾਰਮਿੱਕ ਖੇਤਰ ਲਈ ਜਿੰਨਾਂ ਵਿੱਚ ਬੀਬੀ ਕਿਰਨਜੋਤ ਕੌਰ, ਭਾਈ ਮਨਜੀਤ ਸਿੰਘ ਭੂਰਾਕੋਹਨਾਂ, ਜਥੇ: ਜਸਵੰਤ ਸਿੰਘ ਪੂੜੈਣ, ਜਥੇ: ਜਸਬੀਰ ਸਿੰਘ ਘੁੰਮਣ, ਜਥੇ: ਸਤਵਿੰਦਰ ਸਿੰਘ ਟੌਹੜਾ, ਮਾਸਟਰ ਮਿੱਠੂ ਸਿੰਘ ਕਾਹਨੇਕੇ ਹੋਣਗੇ ਜੋ ਧਾਰਮਿੱਕ ਖੇਤਰ ਲਈ ਪਾਰਟੀ ਦਾ ਪੱਖ ਮਰਿਆਦਾ ਅਨੁਸਾਰ ਪੇਸ਼ ਕਰਨਗੇ।

ੲ. ਬੁਲਾਰੇ ਟੀਵੀ ਡਿਬੇਟਾਂ ਲਈ ਜਿੰਨਾਂ ਵਿੱਚ ਸੁਖਵਿੰਦਰ ਸਿੰਘ ਔਲਖ, ਜਥੇ: ਭੁਪਿੰਦਰ ਸਿੰਘ ਸ਼ੇਖ਼ੂਪੁੱਰ, ਜਥੇ: ਤੇਜਾ ਸਿੰਘ ਕਮਾਲਪੁੱਰ, ਜਥੇ: ਸਤਵਿੰਦਰ ਸਿੰਘ ਰਮਦਾਸਪੁੱਰ, ਸਤਪਾਲ ਸਿੰਘ ਸਿੱਧੂ, ਭੋਲਾ ਸਿੰਘ ਗਿੱਲਪੱਤੀ, ਜਥੇ: ਹਰਿੰਦਰਪਾਲ ਸਿੰਘ ਟੌਹੜਾ, ਇਕਬਾਲ ਸਿੰਘ ਮੋਹਾਲੀ, ਜਥੇ: ਅਮਰਿੰਦਰ ਸਿੰਘ, ਜਗਜੀਤ ਸਿੰਘ ਕੋਹਲੀ, ਜਥੇ: ਅਵਤਾਰ ਸਿੰਘ ਧਮੋਟ, ਸੁਖਦੇਵ ਸਿੰਘ ਫਗਵਾੜਾ, ਰਣਧੀਰ ਸਿੰਘ ਦਿੜਬਾ, ਅਮਨਇੰਦਰ ਸਿੰਘ ਬਨੀ ਬਰਾੜ, ਹਰਦੀਪ ਸਿੰਘ ਡੋਡ, ਸ੍ਰੀ ਵਰੁਣ ਕਾਂਸਲ ਸ਼ੁਤਰਾਣਾ, ਐਡ: ਰਾਵਿੰਦਰ ਸਿੰਘ ਸ਼ਾਹਪੁੱਰ ਹੋਣਗੇ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

**ਭਾਈ ਰਘਵੀਰ ਸਿੰਘ**

**+44 7976 210161**





CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE



SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ – 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ – 1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com




SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.


ਆਵਾਜ਼ਿ ਕੌਮ AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)


PARAMJIT SHERGILL +44 7858 198159

INDERJIT KAUR +44 7883 635835


KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

**1 ਨਵੰਬਰ 2025 ਦਿਨ ਸ਼ਨੀਵਾਰ ਨੂੰ**

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


## RAGHBIR SINGH (Call : +44 7976 210161)
121. Broadway west Walsall, West Midlands, WS1 4DW, England uk



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amount need to be deposited 2 weeks before the travel date.**

Account Name : RAGHBIR SINGH
Bank Name : HALIFAX
Sort Code : 11-08-07
Account No. :00516474

Contact Detail :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

--ADVICE--
**Request to all Sangat to have own travel Insurance individualy!**

Program is subject to change without Prior Notice.

ਆਵਾਜ਼ਿ ਕੌਮ
AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS



ਆਵਾਜ਼ਿ ਕੌਮ
AWAZE QAUM


### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum (if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**


FOR MORE INFORMATION PLS. CONTACT

| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਵਾਹਿਗੁਰੂ ਜੀ ਕਾ ਖ਼ਾਲਸਾ ।

# ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
# ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕੀ ਫ਼ਤਹਿ ॥

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**




ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**★ ਸਲਾਹ ★**
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੁ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--


| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |




ਅੱਜ 18 ਸਤੰਬਰ ਨੂੰ ਬਰਸੀ 'ਤੇ ਵਿਸ਼ੇਸ਼

# .ਗਦਰੀ ਬਾਬਾ ਹਰਨਾਮ ਸਿੰਘ ਟੁੰਡੀਲਾਟ ਦੀ ਸੰਘਰਸ਼ਮਈ ਦਾਸਤਾਨ


-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040




**ਅਸੀਂ ਸਾਰੇ** ਇਸ ਗੱਲ ਤੋਂ ਭਲੀ ਭਾਂਤ ਜਾਣਦੇ ਹਾਂ ਕਿ ਦੇਸ਼ ਨੂੰ ਗੁਲਾਮੀ ਦੀਆਂ ਜੰਜੀਰਾਂ ਤੋਂ ਨਿਜਾਤ ਦਿਵਾਉਣ ਲਈ ਅਨੇਕਾਂ ਸਿੱਖ ਅਣਖੀ ਯੋਧਿਆਂ ਨੇ ਆਪਣੀ ਚੜ੍ਹਦੀ ਉਮਰ ਦੇ ਬੇਸ਼ਕੀਮਤੀ ਵਰ੍ਹੇ ਦੇਸ਼ ਅਤੇ ਵਿਦੇਸ਼ ਦੀਆਂ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਵਿੱਚ ਬਤੀਤ ਕੀਤੇ। ਅਜਿਹੇ ਸੂਰਬੀਰ ਯੋਧਿਆਂ ਵਿੱਚੋਂ ਪੰਜਾਬ ਦੀ ਧਰਤੀ ਦੇ ਮਹਾਨ ਸਪੁੱਤਰ ਬਾਬਾ ਹਰਨਾਮ ਸਿੰਘ ਟੁੰਡੀਲਾਟ ਨੂੰ ਅੱਜ ਵੀ ਬੜੇ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਇਸ ਅਣਖੀਲੇ ਨੌਜਵਾਨ ਦਾ ਜਨਮ ਮਾਰਚ 1882 ਈ: ਵਿੱਚ ਪਿਤਾ ਸ। ਗੁਰਦਿੱਤ ਸਿੰਘ ਦੇ ਗ੍ਰਹਿ ਵਿਖੇ ਚੜ੍ਹਦੇ ਪੰਜਾਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਕੋਟਲਾ ਨੌਧ ਸਿੰਘ ਵਿਖੇ ਹੋਇਆ। ਪਿਤਾ ਜੀ ਕਿਸਾਨੀ ਦਾ ਧੰਦਾ ਕਰਦੇ ਸਨ। ਬਾਬਾ ਹਰਨਾਮ ਸਿੰਘ ਨੇ ਮੁੱਢਲੀ ਸਿੱਖਿਆ ਉਸ ਸਮੇਂ ਪਰੰਪਰਾ ਮੁਤਾਬਿਕ

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਦੀ ਧਰਮਸ਼ਾਲਾ ਤੋਂ ਹੀ ਪ੍ਰਾਪਤ ਕੀਤੀ। ਜਵਾਨੀ ਵਿੱਚ ਪੈਰ ਧਰਦਿਆਂ ਹੀ ਭਾਰਤੀ ਫੌਜ ਵਿੱਚ ਭਰਤੀ ਹੋ ਗਏ। ਘਰ ਦੇ ਗੁਜ਼ਾਰੇ ਲਈ ਜਵਾਨਾਂ ਨੂੰ ਫੌਜ ਤੋਂ ਬਿਨਾਂ ਕੋਈ ਹੋਰ ਕੰਮਕਾਰ ਵੀ ਨਹੀਂ ਸੀ। ਥੋੜ੍ਹਾ ਸਮਾਂ ਫੌਜ ਦੀ ਨੌਕਰੀ ਵਿੱਚ ਸੇਵਾ ਨਿਭਾਉਣ ਤੋਂ ਪਿੱਛੋਂ ਆਪ 24 ਕੁ ਸਾਲ ਦੀ ਉਮਰ ਵਿੱਚ 12 ਜੁਲਾਈ 1906 ਈ: ਨੂੰ ਕੈਨੇਡਾ ਚਲੇ ਗਏ। ਤਿੰਨ ਕੁ ਸਾਲ ਕੈਨੇਡਾ ਵਿੱਚ ਸਖ਼ਤ ਮਿਹਨਤ ਕੀਤੀ। ਉਥੋਂ 1909 ਈ: ਵਿੱਚ ਅਮਰੀਕਾ ਦੇ ਸੂਬਾ ਕੈਲੇਫੋਰਨੀਆ ਚਲੇ ਗਏ। ਤਿੰਨ ਸਾਲ ਅਮਰੀਕਾ ਵਿੱਚ ਰਹਿੰਦਿਆਂ ਆਪਣੇ ਦੇਸ਼ ਵਾਸੀਆਂ ਦੀ ਤੰਗੀ-ਤੁਰਸ਼ੀ ਅਤੇ ਗੁਲਾਮੀ ਵਾਲੀ ਜ਼ਿੰਦਗੀ ਦੇ ਦਿਨਾਂ ਨੂੰ ਯਾਦ ਕਰਦਿਆਂ 1912 ਈ: ਵਿੱਚ ਦੇਸ਼-ਵਾਸੀਆਂ ਦੇ ਗਲੋਂ ਗੁਲਾਮੀ ਦੇ ਜੂਲੇ ਨੂੰ ਗਲੋਂ ਲਾਹੁਣ ਲਈ ਪੋਰਟਲੈਂਡ ਵਿੱਚ ਬਾਕੀ ਪ੍ਰਵਾਸੀ ਹਿੰਦੁਸਤਾਨੀਆਂ ਨਾਲ ਰਲ ਮਿਲ ਕੇ .ਗਦਰ ਪਾਰਟੀ ਦੀ ਸਥਾਪਨਾ ਵਿੱਚ ਯੋਗਦਾਨ ਪਾਇਆ। ਇਹ ਫੈਸਲਾ ਇਨ੍ਹਾਂ ਦਾ ਹੀ ਸੀ ਕਿ .ਗਦਰ ਨਾਂਅ ਦਾ ਹ.ਫਤਾਵਾਰੀ ਅਖ਼ਬਾਰ ਉਰਦੂ, ਪੰਜਾਬੀ ਅਤੇ ਹਿੰਦੀ ਵਿੱਚ ਪ੍ਰਕਾਸ਼ਿਤ ਕੀਤਾ ਜਾਵੇ। .ਗਦਰ ਅਖ਼ਬਾਰ ਦੇ ਸੰਪਾਦਕੀ ਬੋਰਡ ਨਾਲ ਸ। ਹਰਨਾਮ ਸਿੰਘ ਦਾ ਸਬੰਧ ਵੀ ਸੀ।



ਇਨ੍ਹਾਂ ਸਰਗਰਮੀਆਂ ਅਧੀਨ ਜਦੋਂ 5 ਜੁਲਾਈ, 1914 ਈ: ਨੂੰ ਹਰਨਾਮ ਸਿੰਘ ਵਰਗਾ ਅਣਖੀਲਾ ਗੱਭਰੂ ਬੰਬ ਬਣਾ ਰਿਹਾ ਸੀ ਤਾਂ ਇਸ ਬੰਬ ਨੂੰ ਬਨਾਉਣ ਸਮੇਂ ਇਸ ਬੰਬ ਦੇ ਫਟਣ ਨਾਲ ਉਸ ਦਾ ਖੱਬਾ ਹੱਥ ਉੱਡ ਗਿਆ। ਇਸ ਜ਼ਖ਼ਮ ਦੇ ਕਾਰਨ ਹੀ ਉਸ ਦੀ ਖੱਬੀ ਬਾਂਹ ਗੁੱਟ ਦੇ ਉੱਪਰੋਂ ਕੱਟਣੀ ਪਈ। ਇਸ ਤੋਂ ਪਿੱਛੋਂ ਉਸ ਦੇ ਨਾਂਅ ਦੇ ਨਾਲ ਟੁੰਡੀਲਾਟ ਪਿਛੇਤਰ ਪੱਕੇ ਤੌਰ 'ਤੇ ਜੁੜ ਗਿਆ। ਅਸਲ ਵਿੱਚ ਟੁੰਡੀਲਾਟ ਪੰਜਾਬੀਆਂ ਦੇ ਜ਼ਿਹਨ ਵਿੱਚ ਗਵਰਨਰ ਜਨਰਲ ਸਰ ਹੈਨਰੀ ਹਾਰਡਿੰਗ ਜੋ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਸਿੱਖ ਰਾਜ ਪਿੱਛੋਂ (1844 ਤੋਂ 1848) ਪੰਜਾਬੀਆਂ ਨੂੰ ਦਿੱਤੇ ਤਸੀਹਿਆਂ ਕਾਰਨ ਜੁੜਿਆ ਹੋਇਆ ਸੀ, ਜਿਸ ਦਾ ਜ਼ਿਕਰ ਸ਼ਾਹ ਮੁਹੰਮਦ ਦੇ ਜੰਗਨਾਮੇ ਵਿੱਚ ਕੀਤਾ ਮਿਲਦਾ ਹੈ। ਇਸ ਗਵਰਨਰ ਜਰਨਲ ਦੀ ਬਾਂਹ ਨੈਪੋਲੀਅਨ ਨਾਲ ਯੁੱਧ ਸਮੇਂ ਕੱਟੀ ਗਈ ਸੀ, ਜਿਸ ਨੂੰ ਪੰਜਾਬੀ ਟੁੰਡੀਲਾਟ ਕਰਕੇ ਹੁਣ ਤੱਕ ਯਾਦ ਕਰਦੇ ਹਨ। 25 ਜੁਲਾਈ, 1914 ਨੂੰ ਜਦੋਂ ਪਹਿਲਾ ਸੰਸਾਰ ਯੁੱਧ ਆਰੰਭ ਹੋ ਗਿਆ, .ਗਦਰ ਪਾਰਟੀ ਦੇ ਸਾਰੇ ਅਣਖੀ ਯੋਧਿਆਂ ਨੂੰ ਵਾਪਸ ਆਪਣੇ ਦੇਸ਼ ਹਿੰਦੁਸਤਾਨ ਪਹੁੰਚਣ ਲਈ ਹੁਕਮ ਜਾਰੀ ਹੋ ਗਏ।

.ਗਦਰੀ ਬਾਬਾ ਹਰਨਾਮ ਸਿੰਘ 24 ਦਸੰਬਰ, 1914 ਨੂੰ ਵਾਪਸ ਪੰਜਾਬ ਪਰਤ ਆਇਆ। ਇਨ੍ਹਾਂ ਪੰਜਾਬ ਪਹੁੰਚਦਿਆਂ ਹੀ ਰਮਤੇ ਸਾਧੂ ਦੇ ਰੂਪ ਵਿੱਚ ਹਰ ਪਿੰਡ ਅਤੇ ਸ਼ਹਿਰ ਵਿੱਚ .ਗਦਰ ਪਾਰਟੀ ਦੇ ਪ੍ਰਚਾਰ ਲਈ ਅਲਖ ਜਗਾਈ। ਇਸ ਪ੍ਰਚਾਰ ਲਈ ਉਨ੍ਹਾਂ ਵਿਸ਼ੇਸ਼ ਕਰਕੇ ਦੁਆਬਾ ਖੇਤਰ ਦੇ ਲੋਕਾਂ ਨੂੰ ਜਾਗ੍ਰਿਤ ਕੀਤਾ। ਇਸ ਤੋਂ ਇਲਾਵਾ ਬਾਬਾ ਹਰਨਾਮ ਸਿੰਘ ਨੇ ਲਹਿੰਦੇ ਪੰਜਾਬ ਦੇ ਰਾਵਲਪਿੰਡੀ, ਨੌਸ਼ਹਿਰਾ, ਪਿਸ਼ਾਵਰ ਅਤੇ ਪੰਡੂ ਛਾਉਣੀਆਂ ਵਿੱਚ ਤਾਇਨਾਤ ਨੌਕਰੀ ਕਰ ਰਹੇ ਫੌਜੀਆਂ ਨਾਲ ਸੰਪਰਕ ਬਣਾ ਲਿਆ, ਤਾਂ ਜੋ ਬਗਾਵਤ ਦਾ ਝੰਡਾ ਬੁਲੰਦ ਕੀਤਾ ਜਾ ਸਕੇ। ਜਦੋਂ ਪੰਜਾਬ ਅਤੇ ਦੇਸ਼ ਦੀ ਅੰਗ੍ਰੇਜ਼ ਹਕੂਮਤ ਦੇ ਸੂਹੀਆ ਤੰਤਰ ਨੂੰ ਇਸ ਗੱਲ ਦੀ ਸੂਹ ਲੱਗੀ ਤਾਂ ਬਾਬਾ ਹਰਨਾਮ ਸਿੰਘ ਨੇ ਦੇਸ਼ ਦੀ ਸਰਹੱਦ ਨੂੰ ਟੱਪ ਕੇ ਅਫਗਾਨਿਸਤਾਨ ਵੱਲ ਜਾਣ ਵਿੱਚ ਸ.ਫਲ ਹੋ ਗਿਆ। ਜਦੋਂ ਉਸ ਨੂੰ ਉਸ ਦੇਸ਼ ਵਿੱਚੋਂ ਕੋਈ ਸਹਾਇਤਾ ਆਦਿ ਦਾ ਹੁੰਗਾਰਾ ਨਾ ਮਿਲਿਆ ਤਾਂ ਆਪ 2 ਮਾਰਚ, 1915 ਈ: ਨੂੰ ਸ਼ਾਹਪੁਰ (ਸਰਗੋਧਾ) (ਲਹਿੰਦੇ ਪੰਜਾਬ) ਦੇ ਚੱਕ ਨੰਬਰ 5 ਵਿਖੇ ਕਿਸੇ ਜਾਣਕਾਰ ਦੇ ਘਰ ਵਿੱਚ ਕਿਸੇ ਹੋਰ .ਗਦਰ ਪਾਰਟੀ ਦੇ ਸਰਗਰਮ ਸਾਥੀਆਂ ਨਾਲ ਠਹਿਰੇ ਹੋਏ ਸਨ ਤਾਂ ਸੂਹੀਏ ਤੰਤਰ ਦੀ ਖ਼ਬਰ ਨਾਲ ਸਾਰੇ ਸਾਥੀਆਂ ਸਮੇਤ ਬਾਬਾ ਹਰਨਾਮ ਸਿੰਘ ਫੜੇ ਗਏ। ਇਸ ਤੋਂ ਪਿੱਛੋਂ 13 ਦਸੰਬਰ, 1915 ਈ: ਲਾਹੌਰ ਸਾਜਿਸ਼ ਕੇਸ ਅਧੀਨ ਬਾਬਾ ਹਰਨਾਮ ਸਿੰਘ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ।

ਬਾਬਾ ਹਰਨਾਮ ਸਿੰਘ ਬਾਕੀ ਸਾਥੀਆਂ ਸਮੇਤ ਲਗਪਗ 30 ਸਾਲ ਅੰਡੇਮਾਨ, ਮਦਰਾਸ, ਪੂਨਾ, ਮੁੰਬਈ, ਮਿੰਟਗੁਮਰੀ ਆਦਿ ਬਹੁਤ ਸਾਰੀਆਂ ਜੇਲ੍ਹਾਂ ਵਿੱਚ ਤੰਗੀਆਂ-ਤੁਰਸ਼ੀਆਂ ਤੇ ਤਸੀਹੇ ਕੱਟ ਕੇ ਦੇਸ਼ ਦੀ ਅਜ਼ਾਦੀ ਤੇ ਪੰਜਾਬ ਬਟਵਾਰੇ ਤੋਂ ਪਹਿਲਾਂ 1945 ਈ: ਨੂੰ ਜੇਲ੍ਹ ਤੋਂ ਬਾਹਰ ਆਏ। ਇਹ ਅਣਖੀ ਯੋਧਾ 80 ਸਾਲ ਦੀ ਉਮਰ ਭੋਗ ਕੇ 18 ਸਤੰਬਰ, 1962 ਈ: ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਿਆ। ਅੱਜ ਜਦੋਂ ਮੁੜ ਪੰਜਾਬ ਆਪਣੀ ਹੋਂਦ ਲਈ ਤਰਲੋ ਮੱਛੀ ਹੋ ਰਿਹਾ ਹੈ, ਉਸ ਸਮੇਂ ਇਸ ਸਮੇਂ ਆਪਣੇ ਇਸ ਅਣਖੀਲੇ ਸੂਰਬੀਰ ਨੂੰ ਵੀ ਯਾਦ ਕਰ ਰਿਹਾ ਹੈ।


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

## ਇੱਕ ਨਜ਼ਰ ...



## ਭਾਰਤ ਸਰਕਾਰ ਵੱਲੋਂ ਸਿੱਖ ਜਥੇ ਦੀ ਪਾਕਿਸਤਾਨ ਯਾਤਰਾ ’ਤੇ ਪਾਬੰਦੀ, ਵਰਲਡ ਸਿੱਖ ਪਾਰਲੀਮੈਂਟ ਦਾ ਸਖ਼ਤ ਵਿਰੋਧ

ਲੰਡਨ, 17 ਸਤੰਬਰ (ਸਰਬਜੀਤ ਸਿੰਘ ਬਨੂੜ)- ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਜਾਣ ਵਾਲੇ ਸਿੱਖ ਸ਼ਰਧਾਲੂਆਂ ਦੇ ਜਥੇ ’ਤੇ ਭਾਰਤ ਸਰਕਾਰ ਵੱਲੋਂ ਲਾਈ ਗਈ ਪਾਬੰਦੀ ਨੂੰ ਵਰਲਡ ਸਿੱਖ ਪਾਰਲੀਮੈਂਟ ਨੇ "ਸਿੱਖਾਂ ਉੱਤੇ ਸਿੱਧਾ ਹਮਲਾ" ਕਰਾਰ ਦਿੱਤਾ ਹੈ। ਸੰਗਠਨ ਦੇ ਕੋਆਰਡੀਨੇਟਰ ਭਾਈ ਹਿੰਮਤ ਸਿੰਘ (ਅਮਰੀਕਾ), ਕੋ-ਕੋਆਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ (ਜਰਮਨੀ), ਮੁੱਖ ਬੁਲਾਰੇ ਭਾਈ ਜੋਗਾ ਸਿੰਘ, ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ (ਇੰਗਲੈਂਡ), ਭਾਈ ਮਨਬੀਰ ਸਿੰਘ ਸੰਧੂ, ਭਾਈ ਭਗਤ ਸਿੰਘ (ਕਨੇਡਾ), ਭਾਈ ਪ੍ਰਤਪਾਲ ਸਿੰਘ (ਸਵਿਟਜ਼ਰਲੈਂਡ) ਅਤੇ ਜਸਵਿੰਦਰ ਸਿੰਘ (ਹਾਲੈਂਡ) ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਹ ਕਦਮ ਭਾਜਪਾ ਸਰਕਾਰ ਦੀ ਹਿੰਦੂਵਾਦੀ ਸੋਚ ਅਤੇ ਸਿੱਖਾਂ ਪ੍ਰਤੀ ਨਫ਼ਰਤ ਨੂੰ ਬੇਨਕਾਬ ਕਰਦਾ ਹੈ। ਨੇਤਾਵਾਂ ਨੇ ਕਿਹਾ ਕਿ ਜਦੋਂ ਪੰਜਾਬ ਹੜ੍ਹਾਂ ਦੀ ਤਬਾਹੀ ਨਾਲ ਜੂਝ ਰਿਹਾ ਹੈ ਅਤੇ ਸਰਕਾਰ ਪੂਰੀ ਤਰ੍ਹਾਂ ਅਣਦੇਖੀ ਕਰ ਰਹੀ ਹੈ, ਉਸ ਵੇਲੇ ਸਿੱਖਾਂ ਦੀ ਧਾਰਮਿਕ ਯਾਤਰਾ ’ਤੇ ਪਾਬੰਦੀ ਲਗਾਉਣਾ "ਜ਼ਖ਼ਮਾਂ ’ਤੇ ਲੂਣ ਛਿੜਕਣ" ਦੇ ਬਰਾਬਰ ਹੈ। ਵਰਲਡ ਸਿੱਖ ਪਾਰਲੀਮੈਂਟ ਨੇ ਸਰਕਾਰ ਦੇ "ਦੋਗਲੇ ਪਨ" ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਜਿੱਥੇ ਪਾਕਿਸਤਾਨ ਨਾਲ ਕ੍ਰਿਕਟ ਮੈਚਾਂ ਰਾਹੀਂ ਵਪਾਰ ਤੇ ਮਨੋਰੰਜਨ ਜਾਰੀ ਰੱਖਿਆ ਜਾਂਦਾ ਹੈ, ਉੱਥੇ ਹੀ ਸਿੱਖਾਂ ਨੂੰ ਸ੍ਰੀ ਨਨਕਾਣਾ ਸਾਹਿਬ ਅਤੇ ਸ੍ਰੀ ਕਰਤਾਰਪੁਰ ਸਾਹਿਬ ਜਾਣ ਤੋਂ ਰੋਕਣ ਲਈ "ਸੁਰੱਖਿਆ" ਦੇ ਝੂਠੇ ਬਹਾਨੇ ਬਣਾਏ ਜਾਂਦੇ ਹਨ। ਸੰਗਠਨ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖਾਂ ਦਾ ਆਪਣੇ ਗੁਰਧਾਮਾਂ ਨਾਲ ਰਿਸ਼ਤਾ ਰਾਜਨੀਤਿਕ ਸਰਹੱਦਾਂ ਤੋਂ ਪਰੇ ਅਤੇ ਸਦੀਵੀ ਹੈ। ਕੋਈ ਵੀ ਤਾਕਤ ਸਿੱਖਾਂ ਨੂੰ ਉਨ੍ਹਾਂ ਦੇ ਗੁਰੂਆਂ ਦੇ ਪਵਿੱਤਰ ਅਸਥਾਨਾਂ ਤੋਂ ਦੂਰ ਨਹੀਂ ਕਰ ਸਕਦੀ। ਵਰਲਡ ਸਿੱਖ ਪਾਰਲੀਮੈਂਟ ਨੇ ਦੁਨੀਆ ਭਰ ਦੀਆਂ ਸਿੱਖ ਜਥੇਬੰਦੀਆਂ ਅਤੇ ਗੁਰਦੁਆਰਾ ਕਮੇਟੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਤਾਨਾਸ਼ਾਹੀ ਫੈਸਲੇ ਵਿਰੁੱਧ ਇਕਜੁੱਟ ਹੋ ਕੇ ਆਪਣੀ ਅਵਾਜ਼ ਬੁਲੰਦ ਕਰਨ।

## ਕਰਨੈਲ ਸਿੰਘ ਪੀਰ ਮੁਹੰਮਦ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਮੁੱਖ ਬੁਲਾਰਾ ਨਿਯੁਕਤ ਕਰਨ ਦਾ ਫੈਸਲਾ ਬੇਹੱਦ ਸਲਾਘਾਯੋਗ



ਮੱਖੂ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)- ਅੱਜ ਇੱਥੇ ਮੁੱਖ ਦਫ਼ਤਰ ਤੋਂ ਜਾਰੀ ਬਿਆਨ ਵਿੱਚ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਸੋਚ ਨੂੰ ਅਤੇ ਪਾਰਟੀ ਦੇ ਪੱਖ ਨੂੰ ਚੰਗੇ ਢੰਗ ਨਾਲ ਮੀਡੀਆ ਰਾਹੀਂ ਲੋਕਾਂ ਤੱਕ ਪਹੁੰਚਾਉਣ ਲਈ ਵੱਖ-ਵੱਖ ਖੇਤਰਾਂ ਲਈ ਬੁਲਾਰੇ ਨਿਯੁਕਤ ਗਏ ਹਨ। ਜਿਸ ਵਿੱਚ ਮੁੱਖ ਬੁਲਾਰੇ ਸਿਆਸੀ ਖੇਤਰ ਲਈ ਅਤੇ ਮੁੱਖ ਬੁਲਾਰੇ ਧਾਰਮਿਕ ਖੇਤਰ ਲਈ ਨਿਯੁਕਤ ਕੀਤੇ ਗਏ ਹਨ। ਜਥੇ: ਕਰਨੈਲ ਸਿੰਘ ਪੀਰਮੁਹੰਮਦ ਸਾਬਕਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੂੰ ਪਾਰਟੀ ਦਾ ਮੁੱਖ ਬੁਲਾਰਾ ਨਿਯੁਕਤ ਕਰਨ ਦਾ ਸਵਾਗਤ ਕਰਦੇ ਹਾ। ਗੁਰਮੁੱਖ ਸਿੰਘ ਸੰਧੂ,ਡਾ ਕਾਰਜ ਸਿੰਘ,ਗਗਨਦੀਪ ਸਿੰਘ ਰਿਆੜ,ਪ੍ਰਭਜੋਤ ਸਿੰਘ ਫਰੀਦਕੋਟ,ਹਰਬਿੰਦਰ ਸਿੰਘ ਸੰਧੂ, ਸੁਖਵਿੰਦਰ ਸਿੰਘ ਦੀਨਾਨਗਰ, ਸੁਖਚੈਨ ਸਿੰਘ ਸੰਤੂ ਵਾਲਾ,ਲਖਵਿੰਦਰ ਸਿੰਘ ਸੰਤੂ ਵਾਲਾ ਇਹਨਾ ਨੇ ਕਿਹਾ ਕਿ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਪਿਛਲੇ ਲੰਮੇ ਸਮੇ ਤੋ ਪੰਥਕ ਸਫਾ ਦੇ ਵਿਚਰਦੇ ਆ ਰਹੇ ਹਨ। ਔਰ ਪਾਰਟੀ ਦਾ ਪੱਖ ਬਹੁਤ ਹੀ ਮਜਬੂਤੀ ਨਾਲ ਪੇਸ਼ ਕਰਦੇ ਹਨ ਉਹਨਾ ਦੀ ਨਿਯੁਕਤੀ ਨਾਲ ਪਾਰਟੀ ਨੂੰ ਮਜਬੂਤੀ ਮਿਲੇਗੀ।

## ਭੋਰਾ ਸਾਹਿਬ ਕਲੇਰਾਂ ਵਿਖੇ ਮਹਾਨ ਗੁਰਮਤਿ ਸਮਾਗਮ 30 ਸਤੰਬਰ ਨੂੰ : ਸੰਤ ਬਾਬਾ ਜਗਜੀਤ ਸਿੰਘ ਸਰਪੰਚ ਕਲੇਰਾਂ



ਧੂਰੀ, 17 ਸਤੰਬਰ ( ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਕਲੇਰਾਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਦੇ ਨਾਲ ਭੋਰਾ ਸਾਹਿਬ ਵਿਖੇ ਸੰਤ ਬਾਬਾ ਜਗਜੀਤ ਸਿੰਘ ਸਰਪੰਚ ਕਲੇਰਾਂ ਵਾਲਿਆਂ ਦੀ ਅਗਵਾਈ ਹੇਠ ਬਾਬਾ ਸ੍ਰੀ ਚੰਦ ਮਹਾਰਾਜ ਜੀ ਦਾ ਅਵਤਾਰ ਦਿਹਾੜਾ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਜਾ ਰਿਹਾ ਹੈ। ਜਿਸ ਨੂੰ ਲੈ ਕੇ ਸੰਗਤਾਂ ਅਤੇ ਇਲਾਕੇ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ ਇਲਾਕੇ ਦੀਆਂ ਸੰਗਤਾਂ ਨੂੰ ਸੰਤ ਬਾਬਾ ਜਗਜੀਤ ਸਿੰਘ ਸਰਪੰਚ ਕਲੇਰਾਂ ਵਾਲਿਆਂ ਵੱਲੋਂ 30 ਸਤੰਬਰ ਤੇ ਹੋ ਰਹੇ ਗੁਰਮਤਿ ਸਮਾਗਮ ਵਿੱਚ ਸ਼ਾਮਿਲ ਹੋਣ ਦੇ ਲਈ ਪੈਦਲ ਚੱਲ ਕੇ ਸੱਦਾ ਪੱਤਰ ਦਿੱਤੇ ਜਾ ਰਹੇ ਹਨ ।

# ਸਿੱਖ ਕੈਦੀ ਭਾਈ ਸੰਦੀਪ ਸਿੰਘ ’ਤੇ ਤਸ਼ੱਦਦ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ



ਚੌਕ ਮਹਿਤਾ, ਅੰਮ੍ਰਿਤਸਰ, 17 ਸਤੰਬਰ (ਆਵਾਜ਼ਿ ਕੌਮ ਬਿਊਰੋ) - ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਪਟਿਆਲਾ ਜੇਲ੍ਹ ਵਿੱਚ ਬੰਦ ਸਿੱਖ ਕੈਦੀ ਭਾਈ ਸੰਦੀਪ ਸਿੰਘ ਉੱਤੇ ਹੋਏ ਬੇਹੱਦ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਚੇਤਾਵਨੀ ਦਿੱਤੀ ਕਿ ਜੇਲ੍ਹ ਪ੍ਰਸ਼ਾਸਨ ਇਹ ਭੁੱਲ ਨਾ ਕਰੇ ਕਿ ਸਿੱਖ ਕੈਦੀਆਂ ਉੱਤੇ ਹੋ ਰਹੇ ਜ਼ੁਲਮ ਚੁੱਪਚਾਪ ਸਹੇ ਜਾ ਸਕਦੇ ਹਨ। ਜੇਕਰ ਭਾਈ ਸੰਦੀਪ ਸਿੰਘ ਉੱਤੇ ਤਸ਼ੱਦਦ ਤੁਰੰਤ ਨਾ ਰੋਕਿਆ ਗਿਆ ਤਾਂ ਇਸ ਦੇ ਨਤੀਜੇ ਭਾਰੀ ਹੋਣਗੇ ਅਤੇ ਪੂਰੀ ਜ਼ਿੰਮੇਵਾਰੀ ਜੇਲ੍ਹ ਪ੍ਰਸ਼ਾਸਨ ਉੱਤੇ ਹੋਵੇਗੀ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਖ਼ੁਲਾਸਾ ਕੀਤਾ ਕਿ ਜੇਲ੍ਹ ਅੰਦਰ ਭਾਈ ਸੰਦੀਪ ਸਿੰਘ ਨਾਲ ਉਸ ਵਕਤ ਬੇਰਹਿਮ ਕੁੱਟਮਾਰ ਕੀਤੀ ਗਈ ਜਦੋਂ ਉਸ ਦਾ ਝਗੜਾ ਸਿੱਖ ਨੌਜਵਾਨਾਂ ਨੂੰ ਫ਼ਰਜ਼ੀ ਮੁਕਾਬਲਿਆਂ ’ਚ ਮਾਰਨ ਦੇ ਦੋਸ਼ ’ਚ ਸਜ਼ਾ ਕੱਟ ਰਹੇ ਡੀਐਸਪੀ ਅਤੇ ਦੋ ਇੰਸਪੈਕਟਰਾਂ ਨਾਲ ਹੋਇਆ। ਇਹ ਕਾਰਵਾਈ ਨਾ ਸਿਰਫ਼ ਕਾਨੂੰਨੀ ਹੱਦਾਂ ਦੀ ਉਲੰਘਣਾ ਹੈ, ਸਗੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਅਤੇ ਭਾਰੀ ਤੌਰ ’ਤੇ ਤੌਹੀਨ ਵੀ ਹੈ। ਇਸ ਅਣਮਨੁੱਖੀ ਸਲੂਕ ਨੇ ਪੂਰੇ ਸਿੱਖ ਸਮਾਜ ਵਿੱਚ ਰੋਸ ਦੀ ਲਹਿਰ ਪੈਦਾ ਕੀਤੀ ਹੈ। ਉਨ੍ਹਾਂ ਮੰਗ ਕੀਤੀ ਕਿ ਭਾਈ ਸੰਦੀਪ ਸਿੰਘ ਦਾ ਤੁਰੰਤ ਮੈਡੀਕਲ ਕਰਵਾ ਕੇ ਸੱਚਾਈ ਸਾਹਮਣੇ ਲਿਆਂਦੀ ਜਾਵੇ ਅਤੇ ਤਸ਼ੱਦਦ ਲਈ ਜ਼ਿੰਮੇਵਾਰ ਜੇਲ੍ਹ ਅਧਿਕਾਰੀਆਂ ਖਿਲਾਫ ਕੜੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਇਹ ਵੀ ਸਵਾਲ ਖੜ੍ਹਾ ਕੀਤਾ ਕਿ ਭਾਈ ਸੰਦੀਪ ਸਿੰਘ ਨੂੰ ਅਚਾਨਕ ਸੰਗਰੂਰ ਜੇਲ੍ਹ ਕਿਉਂ ਤਬਦੀਲ ਕੀਤਾ ਗਿਆ? ਜੇ ਮਾਮਲਾ ਸੰਜੀਦਾ ਨਹੀਂ ਸੀ ਤਾਂ ਉਸ ਨੂੰ ਪਟਿਆਲਾ ਤੋਂ ਕਿਉਂ ਹਟਾਇਆ ਗਿਆ? ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਫ਼ੌਰੀ ਤੌਰ ’ਤੇ ਮਿਲਣ ਦੀ ਇਜਾਜ਼ਤ ਦਿੱਤੀ ਜਾਵੇ ਅਤੇ ਥਾਣਾ ਤ੍ਰਿਪੜੀ ਵਿੱਚ ਦਰਜ ਕੀਤਾ ਗਿਆ ਇਰਾਦਾ ਕਤਲ ਦਾ ਝੂਠਾ ਪਰਚਾ ਤੁਰੰਤ ਰੱਦ ਕੀਤਾ ਜਾਵੇ। ਸੰਤ ਖ਼ਾਲਸਾ ਨੇ ਦ੍ਰਿੜ੍ਹਤਾ ਨਾਲ ਕਿਹਾ ਕਿ ਪਹਿਲਾਂ ਵੀ ਸਿੱਖਾਂ ਨੂੰ ਫ਼ਰਜ਼ੀ ਮੁਕਾਬਲਿਆਂ ਵਿੱਚ ਸ਼ਹੀਦ ਕੀਤਾ ਗਿਆ ਹੈ ਅਤੇ ਹੁਣ ਜੇਲ੍ਹਾਂ ਅੰਦਰ ਹੋ ਰਹੇ ਜ਼ੁਲਮਾਂ ਨੂੰ ਵੀ ਕਤਈ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਦਮਦਮੀ ਟਕਸਾਲ ਨੇ ਐਲਾਨ ਕੀਤਾ ਹੈ ਕਿ ਉਹ ਭਾਈ ਸੰਦੀਪ ਸਿੰਘ ਦੀ ਕਾਨੂੰਨੀ ਪੈਰਵੀ ਕਰੇਗੀ ਅਤੇ ਹਰ ਪੱਧਰ ’ਤੇ ਉਸ ਦੇ ਹੱਕ ਵਿੱਚ ਡਟ ਕੇ ਖੜ੍ਹੀ ਰਹੇਗੀ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਸਿੱਖ ਕੌਮ ਹਮੇਸ਼ਾ ਆਪਣੀਆਂ ਧਾਰਮਿਕ ਤੇ ਮਾਨਵੀ ਮੁੱਲਾਂ ਦੀ ਰੱਖਿਆ ਲਈ ਸੁਚੇਤ ਰਹੀ ਹੈ ਅਤੇ ਕਿਸੇ ਵੀ ਸਿੱਖ ਕੈਦੀ ਨਾਲ ਜ਼ੁਲਮ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਮਾਮਲੇ ਨੂੰ ਗੰਭੀਰਤਾ ਨਾਲ ਨਾ ਲਿਆ ਗਿਆ ਤਾਂ ਦਮਦਮੀ ਟਕਸਾਲ ਖ਼ਾਮੋਸ਼ ਨਹੀਂ ਬੈਠੇਗੀ।

# ਰਮੇਸ਼ ਸਿੰਘ ਅਰੋੜਾ ਪਾਕਿਸਤਾਨ ਕਮੇਟੀ ਨੂੰ ਖ਼ੁਦਮੁਖ਼ਿਤਆਰੀ ਦਿਵਾਉਣ ਦਾ ਸਾਹਸ ਦਿਖਾਉਣ : ਪ੍ਰੋ. ਸਰਚਾਂਦ ਸਿੰਘ ਖਿਆਲਾ



ਅੰਮ੍ਰਿਤਸਰ 17 ਸਤੰਬਰ (ਆਵਾਜ਼ਿ ਕੌਮ ਬਿਊਰੋ)- ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਲਹਿੰਦੇ ਪੰਜਾਬ ਦੇ ਘਟ ਗਿਣਤੀ ਮਾਮਲਿਆਂ ਦੇ ਸੂਬਾਈ ਮੰਤਰੀ ਰਮੇਸ਼ ਸਿੰਘ ਅਰੋੜਾ ਨੂੰ ਆੜੇ ਹੱਥੀਂ ਲੈਂਦਿਆਂ ਉਸ ਨੂੰ ਭਾਰਤ ਪ੍ਰਤੀ ਬੇਤੁਕੀਆਂ ਟਿੱਪਣੀਆਂ ਕਰਨ ਦੀ ਥਾਂ ਆਪਣੇ ਹੀ ਦੇਸ਼ ਪਾਕਿਸਤਾਨ ’ਚ ਸਿੱਖਾਂ ਨੂੰ ਅਤੇ ਪਾਕਿਸਤਾਨ ਸਿੱਖ ਗੁ: ਕਮੇਟੀ ਨੂੰ ‘ਖ਼ੁਦਮੁਖ਼ਿਤਆਰ ਅਧਿਕਾਰ’ ਦਿਵਾਉਣ ਦਾ ਸਾਹਸ ਦਿਖਾਉਣ ਦੀ ਚੁਨੌਤੀ ਦਿੱਤੀ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪਾਕਿਸਤਾਨ ਗੁ: ਕਮੇਟੀ ਅਸਲ ਵਿੱਚ ਇਵੈਕੁਈ ਟਰੱਸਟ ਪ੍ਰਾਪਰਟੀ ਬੋਰਡ ਦੀ ਕਠਪੁਤਲੀ ਹੈ, ਜੋ ਪੂਰੀ ਤਰ੍ਹਾਂ ਆਈ.ਐਸ.ਆਈ. ਦੇ ਕਬਜ਼ੇ ਹੇਠ ਹੈ। ਆਈ ਐਸ ਆਈ ਇਕ ਸਾਜ਼ਿਸ਼ ਤਹਿਤ ਪਾਕਿ ਕਮੇਟੀ ਰਾਹੀਂ ਸਿੱਖਾਂ ਨੂੰ ਪਾੜਨਾ ਚਾਹੁੰਦੀ ਹੈ। ਇਹੀ ਕਾਰਨ ਹੈ ਕਿ ਪਾਕਿਸਤਾਨ ’ਚ ਗੁਰਪੁਰਬ ਸਰਕਾਰੀ ਹੁਕਮਾਂ ਨਾਲ ਉਸ ਕਲੰਡਰ ਅਨੁਸਾਰ ਮਨਾਏ ਜਾਂਦੇ ਹਨ ਜਿਸ ਨੂੰ ਸਿੱਖਾਂ ਦੀ ਸਰਵ ਉੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਰੱਦ ਕੀਤਾ ਜਾ ਚੁਕਾ ਹੈ। ਜਿਵੇਂ ਗੁਰੂ ਨਾਨਕ ਦੇਵ ਜੀ ਦਾ ਜੋਤ ਜੋਤਿ ਦਿਹਾੜਾ ਸ੍ਰੀ ਅਕਾਲ ਤਖ਼ਤ ਤੋਂ ਜਾਰੀ ਨਾਨਕਸ਼ਾਹੀ ਕਲੰਡਰ ਮੁਤਾਬਕ ਸਿਖ ਭਾਈਚਾਰੇ ਵੱਲੋਂ 1 ਅੱਸੂ ਭਾਵ 16 ਸਤੰਬਰ ਨੂੰ ਮਨਾਇਆ ਗਿਆ, ਲੇਕਿਨ ਪਾਕਿਸਤਾਨ ਕਮੇਟੀ ਇਸ ਦਿਹਾੜੇ ਨੂੰ 22 ਸਤੰਬਰ ਨੂੰ ਮਨਾਉਣ ਜਾ ਰਹੀ ਹੈ। ਸਵਾਲ ਪੈਦਾ ਹੁੰਦਾ ਹੈ ਕਿ ਕੀ ਪਾਕਿਸਤਾਨ ਗੁਰਦੁਆਰਾ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬਾਹਰੇ ਹਨ? ਜਾਂ ਫਿਰ ਆਈ ਐਸ ਆਈ, ਜੋ ਨਹੀਂ ਚਾਹੁੰਦੀ ਕਿ ਸਿੱਖ ਇਕ ਜੁਟ ਹੋਣ, ਅਤੇ ਸ. ਅਰੋੜਾ ਉਨ੍ਹਾਂ ਦਾ ਹੱਥ-ਠੋਕਾ ਬਣ ਕੇ ਸਿਖ ਕੌਮ ਨਾਲ ਧ੍ਰੋਹ ਕਮਾ ਰਹੇ ਹਨ ? ਪਾਕਿਸਤਾਨ ਦੀ ਕਮੇਟੀ ਨੂੰ ‘ਡਮੀ’ ਠਹਿਰਾਉਂਦਿਆਂ ਪ੍ਰੋ. ਖਿਆਲਾ ਨੇ ਸ. ਅਰੋੜਾ ਨੂੰ ਸਵਾਲ ਕੀਤੀ ਕਿ ਕੀ ਇਹ ਸੱਚ ਨਹੀਂ ਕਿ ਕਮੇਟੀ ਦਾ ਅਧਿਕਾਰ ਗੁਰਦੁਆਰਿਆਂ ਦੀ ਸੰਭਾਲ ਅਤੇ ਮੁਰੰਮਤ ਲਈ ਕੇਵਲ ‘ਸੁਝਾਅ’ ਦੇਣ ਤਕ ਸੀਮਤ ਹੈ। ਇੱਥੋਂ ਤਕ ਕਿ ਗੁਰਦੁਆਰਿਆਂ ’ਚ ਸ੍ਰੀ ਅਖੰਡ ਪਾਠ ਲਈ ਵੀ ਵੱਖਰੀ ਕਮੇਟੀ’ ਪੰਜਾਬੀ ਸਿਖ ਸੰਗਤ’ ਹੈ, ਜੋ ਵਿਦੇਸ਼ੀ ਦਾਨ ਹਾਸਲ ਕਰਨ ਲਈ ਬਣਾਈ ਗਈ ਹੈ। ਪ੍ਰੋ. ਸਰਚਾਂਦ ਸਿੰਘ ਨੇ ਸ. ਅਰੋੜਾ ਨੂੰ ਚੁਣੌਤੀ ਦਿੰਦਿਆਂ ਪੁੱਛਿਆ ਕਿ ਜੇਕਰ ਉਹ ਘੱਟ ਗਿਣਤੀਆਂ ਲਈ ਵਾਕਿਆ ਹੀ ਦਰਦਮੰਦ ਹੈ ਅਤੇ ਯਕੀਨ ਰੱਖਦੇ ਹਨ ਕਿ ਸਿੱਖਾਂ ਨੂੰ ਉਨ੍ਹਾਂ ਦੇ ਧਾਰਮਿਕ ਅਸਥਾਨਾਂ ’ਤੇ ਜਾਣ ਤੋਂ ਰੋਕਣਾ ਮੌਲਿਕ ਧਾਰਮਿਕ ਅਧਿਕਾਰਾਂ ਦੀ ਉਲੰਘਣਾ ਹੈ ਤਾਂ ਫਿਰ ਪਾਕਿਸਤਾਨ ਵਿਚ ਘੱਟ ਗਿਣਤੀ ਹਿੰਦੂ- ਸਿੱਖਾਂ ਨੂੰ ਆਪਣੇ ਧਾਰਮਿਕ ਅਸਥਾਨਾਂ ਤਕ ਕਿਉਂ ਨਹੀਂ ਜਾਣ ਦਿੱਤਾ ਜਾਂਦਾ? ਜੋ ਖੰਡਰ ਦੇ ਰੂਪ ਧਾਰਨ ਕਰਦੇ ਜਾ ਰਹੇ ਹਨ। ਇਵੈਕੁਈ ਟਰੱਸਟ ਪ੍ਰਾਪਰਟੀ ਬੋਰਡ ਦੀ ਸਾਲਾਨਾ ਆਮਦਨ 565 ਕਰੋੜ ਰੁਪਏ ਤੋਂ ਵੱਧ ਹੋਣ ਦੇ ਬਾਵਜੂਦ 517 ਇਤਿਹਾਸਕ ਗੁਰਦੁਆਰਿਆਂ ’ਚੋਂ ਸਿਰਫ਼ 21 ਅਤੇ 1130 ਮੰਦਰਾਂ ’ਚੋਂ ਕੇਵਲ 14 ਹੀ ਖੁੱਲ੍ਹੇ ਕਿਉਂ ਹਨ? ਕੀ ਇਹ 1950 ਦੇ ਨਹਿਰੂ-ਲਿਆਕਤ ਪੈਕਟ ਅਤੇ 1955 ਦੇ ਪੰਤ-ਮਿਰਜ਼ਾ ਸਮਝੌਤੇ ਦੀ ਸਿੱਧੀ ਉਲੰਘਣਾ ਨਹੀਂ ਹੈ, ਜਿਨ੍ਹਾਂ ਵਿਚ ਘੱਟ ਗਿਣਤੀਆਂ ਦੀ ਧਾਰਮਿਕ ਆਜ਼ਾਦੀ ਅਤੇ ਧਰਮ ਸਥਾਨਾਂ ਦੀ ਸੰਭਾਲ ਦੀ ਗਰੰਟੀ ਦਿੱਤੀ ਗਈ ਸੀ? ਪਾਕਿਸਤਾਨ ’ਚ ਹਿੰਦੂ- ਸਿੱਖਾਂ ਦੇ ਧਾਰਮਿਕ ਅਸਥਾਨ ਖੰਡਰ ਕਿਉਂ ਬਣ ਰਹੇ ਹਨ? ਇਵੈਕੁਈ ਬੋਰਡ ਦੇ ਅਧੀਨ ਆਈਆਂ ਜ਼ਮੀਨਾਂ ’ਤੇ ਨਜਾਇਜ਼ ਕਬਜ਼ੇ ਕਿਉਂ ਹਨ? ਕੀ ਇਹ ਸੱਚ ਨਹੀਂ ਕਿ ਪਾਕਿਸਤਾਨ ਦੇ ਸੰਵਿਧਾਨ ਦੇ ਦੂਜੇ ਅਧਿਆਇ ਦੀ ਧਾਰਾ 20 (1-2) ਗੈਰ ਮੁਸਲਮਾਨਾਂ ਨੂੰ ਧਾਰਮਿਕ ਅਜ਼ਾਦੀ ਦੀ ਗਰੰਟੀ ਦੇਣ ਦੇ ਬਾਵਜੂਦ ਕੱਟੜਪੰਥੀਆਂ ਦੇ ਦਬਾਅ ’ਤੇ ਧਾਰਮਿਕ ਮਾਮਲਿਆਂ ਬਾਰੇ ਮੰਤਰਾਲੇ ਦੇ ਵਿਰੋਧ ਤੋਂ ਬਾਅਦ ਇਕ ਸੰਸਦੀ ਪੈਨਲ ਨੇ ਜਬਰੀ ਧਰਮ ਪਰਿਵਰਤਨ ਵਿਰੋਧੀ ਬਿਲ ਨੂੰ ਰੱਦ ਕਰ ਦਿੱਤਾ ਗਿਆ ਸੀ। ਉਹ ਇਸ ਲਈ ਕਿ ਪਾਕਿਸਤਾਨ ਇਸਲਾਮਿਕ ਦੇਸ਼ ਹੈ ਅਤੇ ਜਿੱਥੇ ਫ਼ਿਰਕੂ ਨਫ਼ਰਤ ਅਤੇ ਧਾਰਮਿਕ ਅਸਹਿਣਸ਼ੀਲਤਾ ਹੈ। ਜਿੱਥੇ ਹਿੰਦੂ- ਸਿਖ ਕਾਫ਼ਰ ਹਨ ਅਤੇ ਕਾਫ਼ਰਾਂ ’ਤੇ ਅਤਿਆਚਾਰ ਨੂੰ ਕੱਟੜਪੰਥੀ ‘ਸਵਾਬ’ ਮੰਨਦੇ ਹਨ।

# ਯਾਦਵਿੰਦਰਾ ਇੰਜਨੀਅਰਿੰਗ ਵਿਭਾਗ ਤਲਵੰਡੀ ਸਾਬੋ ਵੱਲੋਂ 58ਵਾਂ ਇੰਜਨੀਅਰਿੰਗ ਦਿਵਸ ਮਨਾਇਆ



ਤਲਵੰਡੀ ਸਾਬੋ, 17 ਸਤੰਬਰ (ਗੁਰਜੰਟ ਸਿੰਘ ਨਥੇਹਾ)- ਆਰਟੀਫਿਸ਼ਅਲ ਇੰਟੈਲੀਜੈਂਸ ਅਤੇ ਸਾਈਬਰ ਸਕਿਉਰਟੀ ਵਰਗੇ ਮਹੱਤਵਪੂਰਨ ਵਿਸ਼ੇ ਅਤੇ ਨਵੀਨਤਮ ਤਕਨੀਕਾਂ ਨੂੰ ਅਪਣਾਉਂਦੇ ਹੋਏ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਵੱਲੋਂ 58ਵਾਂ ਇੰਜਨੀਅਰਿੰਗ ਦਿਵਸ ਮਨਾਇਆ ਗਿਆ। ਇਸ ਪ੍ਰੋਗਰਾਮ ’ਚ ਮੁੱਖ ਮਹਿਮਾਨ ਵਜੋਂ ਡਾ. ਕਮਲਜੀਤ ਸਿੰਘ ਡਾਇਰੈਕਟਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਨੇ ਵਿਸ਼ੇਸ਼ ਸ਼ਿਰਕਤ ਕੀਤੀ। ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਪ੍ਰੋ. (ਡਾ.) ਨਵਦੀਪ ਗੋਇਲ ਨੇ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਅਤੇ ਸਾਰੀਆਂ ਭਾਗੀਦਾਰ ਸ਼ਖਸ਼ੀਅਤਾਂ ਦਾ ਸਵਾਗਤ ਕੀਤਾ। ਇਸ ਮੌਕੇ ਭਾਰਤ ਦੇ ਪਹਿਲੇ ਇੰਜੀਨੀਅਰ ਭਾਰਤ ਰਤਨ ਐਮ ਵਿਸਵੇਸਵਰਾਇਆ ਦੇ ਜੀਵਨ ਅਤੇ ਯੋਗਦਾਨ ਤੇ ਕੇਂਦਰੀਤ ਤਕਨੀਕੀ ਸੈਮੀਨਾਰ ਮੁਕਾਬਲੇ, ਕਵੀਜ਼ ਕੰਪੀਟੀਸ਼ਨ, ਇੰਟਰਵਿਊ, ਡਿਬੇਟ ਅਤੇ ਸਕਿਟ ਦਾ ਆਯੋਜਨ ਕਰਵਾਇਆ। ਪ੍ਰੋਫੈਸਰ ਸਿੰਪਲ ਜਿੰਦਲ ਅਤੇ ਡਾ. ਮਨਪ੍ਰੀਤ ਕੌਰ ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਅਤੇ ਕੋਆਰਡੀਨੇਟਰ ਸਨ। ਕੁਇਜ, ਡਿਬੇਟ, ਪੀਪੀਟੀ ਅਤੇ ਇੰਟਰਵਿਊ ਮੁਕਾਬਲਿਆਂ ਵਿੱਚ ਕਰਮਵਾਰ ਹਰਸ਼ ਦੀ ਟੀਮ ਜਪਜੋਤ ਸਿੰਘ, ਚੇਤਨਾ ਸ਼ਰਮਾ ਲ, ਅਰਸ਼ਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਪਰੋਕਤ ਮੁਕਾਬਲਿਆ ਵਿੱਚ ਡਾ. ਰਜਿੰਦਰ ਕੁਮਾਰ, ਡਾ. ਕੈਂਡੀ ਗੋਇਲ, ਡਾ. ਸੁਮੀਤ ਕੌਰ, ਡਾ. ਦੀਪਕ ਭੰਡਾਰੀ, ਸ੍ਰੀਮਤੀ ਗੁਰਵਿੰਦਰ ਕੌਰ, ਸ੍ਰੀ ਤੇਜਿੰਦਰ ਸਿੰਘ, ਡਾ. ਪ੍ਰਦੀਪ ਕੁਮਾਰ, ਡਾ. ਰਾਜਨ ਗੋਇਲ ਵੱਲੋਂ ਜੱਜਮੈਂਟ ਦੀ ਭੂਮਿਕਾ ਨਿਭਾਈ ਗਈ। ਸਕਿੱਟ ਦਾ ਆਯੋਜਨ ਬੀਟੈਕ ਵਿਦਿਆਰਥਨ ਸੁਕਿਰਤੀ ਸ਼ਰਮਾ ਅਤੇ ਮਕਾਇਲ ਜਫਰ ਦੇ ਨਿਰਦੇਸ਼ਣ ਹੇਠ ਹੋਇਆ। ਚੇਤਨਾ ਸ਼ਰਮਾ ਅਤੇ ਸ਼ੁਭਨੀਤ ਸਿੰਘ ਨੇ ਇਸ ਪ੍ਰੋਗਰਾਮ ਦੇ ਸੰਚਾਲਕ ਵਜੋਂ ਕੰਮ ਕੀਤਾ। ਇਸ ਮੌਕੇ ਕੈਂਪਸ ਦੇ ਡਾਇਰੈਕਟਰ ਵੱਲੋਂ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਲਈ ਡਾ. ਪ੍ਰਦੀਪ ਜਿੰਦਲ ਅਤੇ ਇੰਜੀ. ਰਾਮ ਸਿੰਘ ਦੇ ਨਿਰਦੇਸ਼ਣ ਹੇਠ ਬਣਾਈ ਗਈ ਈ-ਲਾਇਬਰੇਰੀ ਦਾ ਉਦਘਾਟਨ ਕੀਤਾ। ਪ੍ਰੋਗਰਾਮ ਦੇ ਅਖੀਰ ਵਿੱਚ ਡਾ. ਮਨਪ੍ਰੀਤ ਕੌਰ ਨੇ ਪ੍ਰੋਗਰਾਮ ਸਫਲਤਾ ਸਹਿਤ ਨੇਪਰੇ ਚੜਨ ’ਤੇ ਧੰਨਵਾਦ ਕੀਤਾ।

## ਇੱਕ ਨਜ਼ਰ . . .





# ਬਗੈਰ ਸੁਪਰ ਐੱਸਐੱਮਐੱਸ ਤੋਂ ਕੰਬਾਈਨ ਨਾ ਚਲਾਈ ਜਾਵੇ , ਵਧੀਕ ਡਿਪਟੀ ਕਮਿਸ਼ਨਰ ਦੀ ਕੰਬਾਈਨ ਮਾਲਕਾਂ ਨੂੰ ਹਦਾਇਤ

## ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਝੋਨੇ ਦੀ ਕਟਾਈ ਦੀ ਵੀ ਮਨਾਹੀ

ਸੰਗਰੂਰ, 17 ਸਤੰਬਰ ( ਰਣਜੀਤ ਸਿੰਘ ਪੇਧਨੀ - ਸੰਗਰੂਰ ਦੇ ਵਧੀਕ ਡਿਪਟੀ ਕਮਿਸ਼ਨਰ (ਜ) ਵਲੋਂ ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਚ ਕੰਬਾਈਨ ਮਾਲਕਾਂ ਨਾਲ ਮੀਟਿੰਗ ਕੀਤੀ ਗਈ ਅਤੇ ਕੰਬਾਈਨ ਮਾਲਕਾਂ ਨੂੰ ਹਦਾਇਤ ਕੀਤੀ ਗਈ ਕਿ ਝੋਨੇ ਦੇ ਵਾਢੀ ਸੀਜ਼ਨ ਵਿੱਚ ਕੋਈ ਵੀ ਮਸ਼ੀਨ ਸੁਪਰ ਐੱਸ ਐਮ ਐੱਸ ਤੋਂ ਬਿਨਾ ਨਹੀਂ ਚਲਾਈ ਜਾ ਸਕਦੀ ਅਤੇ ਸ਼ਾਮ 06.00 ਵਜੇ ਤੋਂ ਸਵੇਰੇ 10.00 ਵਜੇ ਤੱਕ ਕੰਬਾਇਨਾਂ ਨਾਲ ਜੀਰੀ ਦੀ ਕਟਾਈ 'ਤੇ ਪੂਰਨ ਪਾਬੰਦੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ ਨੇ ਕਿਹਾ ਕਿ ਜੀਰੀ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ।ਆਮ ਤੌਰ 'ਤੇ ਵੇਖਣ ਵਿਚ ਆਇਆ ਹੈ ਕਿ ਜੀਰੀ ਦੀ ਕਟਾਈ ਲਈ ਕੰਬਾਇਨਾਂ ਦੀ ਵਰਤੋਂ 24 ਘੰਟੇ ਵਾਂਗ ਕੀਤੀ ਜਾਂਦੀ ਹੈ। ਇਸ ਲਈ ਰਾਤ ਸਮੇਂ ਕੰਬਾਇਨਾਂ ਚੱਲਣ ਨਾਲ ਜਾਨੀ-ਮਾਲੀ ਨੁਕਸਾਨ ਹੋਣ ਦਾ ਅਤੇ ਦੁਰਘਟਨਾ ਵਾਪਰਨ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਤੋਂ ਇਲਾਵਾ ਕਬਾਇਨਾਂ ਨਾਲ ਰਾਤ ਵੇਲੇ ਹਰੀ ਜੀਰੀ ਜੋ ਕਿ ਚੰਗੀ ਤਰ੍ਹਾਂ ਸੁੱਕੀ ਨਹੀਂ ਹੁੰਦੀ ਉਸਦੀ ਕਟਾਈ ਕਰ ਦਿੱਤੀ ਜਾਂਦੀ ਹੈ ਅਤੇ ਇਸ ਕਰਕੇ ਹਰੀ ਕੱਟੀ ਹੋਈ ਜੀਰੀ ਸੁੱਕਣ 'ਤੇ ਕਾਲੀ ਪੈ ਜਾਂਦੀ ਹੈ, ਸਿੱਟੇ ਵਜੋਂ ਕਿਸਾਨਾਂ ਨੂੰ ਸਿੱਧੇ ਤੌਰ 'ਤੇ ਨੁਕਸਾਨ ਝੱਲਣਾ ਪੈਂਦਾ ਹੈ। ਉਹਨਾਂ ਕੰਬਾਇਨਾਂ ਮਾਲਕਾਂ ਨੂੰ ਹਦਾਇਤ ਕੀਤੀ ਕਿ ਕੰਬਾਇਨ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਖੇਤੀਬਾੜੀ ਵਿਭਾਗ ਰਾਹੀਂ ਅਪਰੇਸ਼ਨ ਵਰਧੀਨੈਂਸ ਬਾਰੇ ਇੰਸਪੈਕਸ਼ਨ ਕਰਵਾਉਣੀ ਲਾਜ਼ਮੀ ਹੋਵੇਗੀ ਅਤੇ ਕੋਈ ਵੀ ਕੰਬਾਈਨ ਬਗੈਰ ਸੁਪਰ ਐੱਸ ਐਮ ਐੱਸ ਤੋਂ ਨਹੀਂ ਚਲਾਈ ਜਾਵੇਗੀ। ਉਹਨਾਂ ਕਿਹਾ ਕਿ ਜ਼ਿਲ੍ਹੇ ਵਿਚ ਪਰਾਲੀ ਪ੍ਰਬੰਧਨ ਮੁਹਿੰਮ ਜਾਰੀ ਹੈ ਅਤੇ ਸਾਰੇ ਕਿਸਾਨ ਤੇ ਕੰਬਾਈਨ ਮਾਲਕ ਇਸ ਮੁਹਿੰਮ ਵਿਚ ਪੂਰਾ ਸਹਿਯੋਗ ਦੇਣ। ਇਸ ਮੌਕੇ ਸ੍ਰ ਪ੍ਰਭਦੀਪ ਸਿੰਘ ਨੱਥੋਵਾਲ ਡਿਪਟੀ ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਮੁੱਖ ਖੇਤੀਬਾੜੀ ਅਫ਼ਸਰ ਡਾ. ਧਰਮਿੰਦਰਜੀਤ ਸਿੰਘ ਤੇ ਸਟਾਫ਼ ਅਤੇ ਜ਼ਿਲ੍ਹੇ ਦੇ ਕੰਬਾਈਨ ਮਾਲਕ ਮੌਜੂਦ ਸਨ।

# ਅਕਾਲੀ ਦਲ ਅੰਮ੍ਰਿਤਸਰ ਸੰਕਟ ਦੇ ਸਮੇਂ ਹਮੇਸ਼ਾਂ ਪੰਜਾਬੀਆਂ ਦੇ ਨਾਲ ਚੱਟਾਨ ਵਾਂਗ ਖੜਾ ਹੈ: ਦੂੱਲਵਾਂ

ਪਟਿਆਲਾ, 17 ਸਤੰਬਰ (ਰਣਜੀਤ ਸਿੰਘ ਪੇਧਨੀ)- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਜਦੋਂ ਕਦੇ ਵੀ ਔਖੀ ਘੜੀ ਆਈ ਤਾ ਪੰਜਾਬੀਆ ਦੇ ਨਾਲ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਮੇਸ਼ਾ ਹੀ ਸੰਕਟ ਸਮੇ ਪੰਜਾਬੀਆਂ ਦੇ ਨਾਲ ਚੱਟਾਨ ਵਾਂਗ ਖੜਾ ਹੈ: ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਦੁੱਲਵਾਂ ਨੇ ਕੀਤਾ। ਉਨ੍ਹਾਂ ਕਿਹਾ ਕਿਪਿਛਲੇ ਸਮੇਂ ਦੌਰਾਨ ਪੰਜਾਬ ਵਿੱਚ ਬੇ ਪਿਛਲੇ ਸਮੇਂ ਦੌਰਾਨ ਪੰਜਾਬ ਵਿੱਚ ਬੇਮੌਸਮੀ ਬਾਰਸ ਕਾਰਨ ਆਏ ਹੜਾਂ ਨੇ ਪੰਜਾਬ ਦੇ ਨੌ ਜਿਲਿਆਂ ਵਿੱਚ ਮਾਰ ਕੀਤੀ ਜਿਸ ਵਿੱਚ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਵਰਕਰਾਂ ਨੇ ਵੱਧ ਚੜ ਕੇ ਯੋਗਦਾਨ ਪਾਇਆ ਹਰ ਤਰ੍ਹਾਂ ਦੀ ਮੱਦਦ ਲਈ ਹਮੇਸ਼ਾ ਹੀ ਖੁੱਲੇ ਦਿਲ ਨਾਲ ਸੇਵਾ ਕਰਨਵਿੱਚ ਹਮੇਸ਼ਾ ਮੋਹਰੀ ਰੋਲ ਅਦਾ ਕੀਤਾ ਹੈ ਉਹਨਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪੰਜਾਬੀਆਂ ਤੇ ਆਏ ਸੰਕਟ ਨੂੰ ਕਦੇ ਵੀ ਮੁਕ ਦਰਸ਼ਕ ਬਣ ਕੇ ਨਹੀਂ ਦੇਖ ਸਕਦੀ। ਭਾਰੀ ਹੜਾਂ ਕਾਰਨ ਪੰਜਾਬ ਵਿੱਚ ਆਈ ਮੁਸ਼ਕਲ ਦੀ ਘੜੀ ਵਿੱਚ ਲੋਕਾਂ ਨਾਲ ਚੱਟਾਨ ਵਾਂਗ ਖਲੋ ਗਏ ਅਤੇ ਹੜ੍ਹ ਪੀੜਤਾ ਦੀ ਹਰ ਸੰਭਵ ਮੱਦਦ ਕਰ ਰਹੇ ਹਨ।



# ਸੈਲਰਾਂ, ਪੋਲਟਰੀ ਫਾਰਮਾਂ, ਭੱਠਿਆਂ,ਫੈਕਟਰੀਆਂ ਆਦਿ ਵਿੱਚ ਮੈਗਰੇਟਰੀ ਅਬਾਦੀ ਵਿੱਚ ਫੀਵਰ ਸਰਵੇ ਕੀਤਾ



ਧੂਰੀ, 17 ਸਤੰਬਰ ( ਰਣਜੀਤ ਸਿੰਘ ਪੇਧਨੀ )- ਸਿਵਲ ਸਰਜਨ ਡਾ. ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ, ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਆਉਂਦੇ ਪਿੰਡ ਕਾਂਝਲਾ ਵਿਖੇ ਸੈਲਰਾਂ,ਪੋਲਟਰੀ ਫਾਰਮਾ, ਭੱਠਿਆਂ, ਫੈਕਟਰੀਆਂ ਆਦਿ ਵਿੱਚ ਮੈਗਰੇਟਰੀ ਅਬਾਦੀ ਵਿੱਚ ਫੀਵਰ ਸਰਵੇ ਕੀਤਾ ਗਿਆ। ਟੀਮ ਮੈਂਬਰ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਪ੍ਰੀਤ ਸਿੰਘ ਮ,ਪ,ਹ,ਵ(ਮ) ਵੱਲੋਂ ਲੋਕਾਂ ਨੂੰ ਡੈਂਗੂ,ਚਿਕਨਗੁਨੀਆ ਅਤੇ ਮਲੇਰੀਆ ਬੁਖਾਰ ਅਤੇ ਬਰਸਾਤ ਦੌਰਾਨ ਹੋਣ ਵਾਲੀਆਂ ਬੀਮਾਰੀਆਂ ਤੋ ਬਚਾਓ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਡੇਂਗੂ ਦਾ ਲਾਰਵਾ ਲੱਭਣ ਤੇ ਨਸ਼ਟ ਕਰਨ ਲਈ ਗਠਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ ।

# ਸਰਕਾਰਾਂ ਨੂੰ ਹੜ ਪੀੜਤ ਮਜ਼ਦੂਰਾਂ, ਕਿਸਾਨਾਂ ਦੀ ਬਾਂਹ ਫੜਨ ਦੀ ਲੋੜ ਹੈ: ਹਰਪ੍ਰੀਤ ਧੂਰੀ





ਸੰਗਰੂਰ, 17 ਸਤੰਬਰ ( ਰਣਜੀਤ ਸਿੰਘ ਪੇਧਨੀ )- ਵਾਮਨ ਮੇਸ਼ਰਾਮ ਸਾਹਿਬ ਦੇ ਦਿਸਾ- ਨਿਰਦੇਸ਼ਾ ਹੇਠ ਦੂਜੇ ਚਰਨ ਦਾ ਧਰਨਾ ਪ੍ਰਦਰਸ਼ਨ ਹਰਪ੍ਰੀਤ ਕੌਰ ਧੂਰੀ, ਸੂਬਾ ਮੀਤ ਪ੍ਰਧਾਨ (ਮਹਿਲਾਂ ਵਿੰਗ) ਬਹੁਜਨ ਮੁਕਤੀ ਪਾਰਟੀ ਪੰਜਾਬ, ਜੀ ਦੀ ਪ੍ਰਧਾਨਗੀ ਹੇਠ ਦਿੱਤਾ ਗਿਆ। ਇਸ ਪ੍ਰੋਗਰਾਮ ਵਿੱਚ ਡਾ. ਸੁਖਜਿੰਦਰ ਗਾਗੋਵਾਲੀਆ, ਸੂਬਾ ਮੀਤ ਪ੍ਰਧਾਨ (ਯੂਥ ਵਿੰਗ) ਬਹੁਜਨ ਮੁਕਤੀ ਪਾਰਟੀ, ਪੰਜਾਬ ਨੇ ਦੱਸਿਆ ਕਿ ਧਰਨਾ ਪ੍ਰਦਰਸ਼ਨ ਦਾ ਮੁੱਖ ਮਕਸਦ ਮੂਲਨਿਵਾਸੀ ਬਹੁਜਨ ਸਮਾਜ ਦੇ ਮੌਲਿਕ ਅਤੇ ਸਵਿਧਾਨਿਕ ਹੱਕਾਂ- ਅਧਿਕਾਰਾਂ ਲਈ ਅਤੇ ਉਹਨਾਂ ਉੱਪਰ ਹੋ ਰਹੇ ਅਨਿਆ- ਅੱਤਿਆਚਾਰਾਂ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕੀਤਾ ਗਿਆ ਅਤੇ ਦੇਸ਼ ਵਿੱਚ ਸਾਰੀਆਂ ਸਮੱਸਿਆਵਾਂ ਦੀ ਜੜ ਈਵੀਐਮ ਮਸ਼ੀਨਾਂ ਹਨ ਈ ਵੀ ਮਸ਼ੀਨਾਂ ਨੂੰ ਬੈਨ ਕਰਾ ਕੇ ਚੋਣਾਂ ਬੈਲਟ ਪੇਪਰ ਨਾਲ ਹੋਣੀਆ ਚਾਹੀਦੀਆਂ ਹਨ ਅਤੇ ਦੇਸ਼ ਦੇ ਵਿੱਚ ਓ ਬੀ ਸੀ ਦੀ ਜਾਤੀ ਆਧਾਰਿਤ ਜਨਗਣਨਾ ਅਤੇ ਸਾਰੀਆਂ ਜਾਤੀਆਂ ਦੀ ਜਨਗਣਨਾ ਹੋਣੀ ਚਾਹੀਦੀ ਹੈ। ਨਵੀਂ ਪੈਨਸ਼ਨ ਯੋਜਨਾ ਖਤਮ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੇ ਸਬੰਧ ਵਿੱਚ, ਘੱਟ ਗਿਣਤੀਆਂ ਧਾਰਮਿਕ ਸਮਾਜ ਅਤੇ ਆਦਿਵਾਸੀਆਂ ਉੱਪਰ ਹੋ ਰਹੇ ਅੱਤਿਆਚਾਰਾਂ ਦੇ ਖਿਲਾਫ ਧਰਨਾ ਪ੍ਰਦਰਸ਼ਨ ਪੂਰੇ ਦੇਸ਼ ਦੇ ਵਿੱਚ 654 ਜਿਲਿਆਂ ਵਿੱਚ ਕੀਤਾ ਗਿਆ। ਹਰਪ੍ਰੀਤ ਕੌਰ ਧੂਰੀ ਨੇ ਆਪਣੇ ਵਿਚਾਰਾਂ ਵਿੱਚ ਪੰਜਾਬ ਦੇ ਮੌਜੂਦਾ ਹਾਲਾਤਾਂ ਤੇ ਚਾਨਣਾ ਪਾਇਆ ਕਿ ਅੱਜ ਪੰਜਾਬ ਵਿੱਚ ਹੜਾਂ ਕਾਰਨ ਪੰਜਾਬ ਦੀ ਸਥਿਤੀ ਬਹੁਤ ਨਾਜ਼ੁਕ ਬਣੀ ਹੋਈ ਹੈ ਇਸ ਬਾਰੇ ਪੰਜਾਬ ਸਰਕਾਰ ਅਤੇ ਸੈਂਟਰ ਸਰਕਾਰ ਨੂੰ ਹੜ ਪੀੜਤ ਮਜ਼ਦੂਰਾਂ- ਕਿਸਾਨਾਂ ਦੀ ਬਾਂਹ ਫੜਨ ਦੀ ਲੋੜ ਹੈ ਉਹਨਾਂ ਨੇ ਮਨਰੇਗਾ ਦੇ ਕੰਮ ਨੂੰ ਤੁਰੰਤ ਲਾਗੂ ਕਰ ਦੇਣਾ ਚਾਹੀਦਾ ਹੈ ਉਹਨਾਂ ਤੋਂ ਇਲਾਵਾ ਮਾਸਟਰ ਜਰਨੈਲ ਸਿੰਘ ਰਾਸ਼ਟਰੀ ਸਿੱਖ ਮੋਰਚਾ ਆਗੂ ਸੰਗਰੂਰ, ਪਰਮਜੀਤ ਸਿੰਘ ਪੰਮਾ, ਸੂਬਾ ਮੀਤ ਪ੍ਰਧਾਨ, ਭਾਰਤ ਮੁਕਤੀ ਮੋਰਚਾ, ਪੰਜਾਬ , ਹਰਿੰਦਰ ਸਿੰਘ ਬਟੂਹਾ, ਪ੍ਰੇਮ ਸਿੰਘ ਸੁਨਾਮ, ਗੁਰਮੇਲ ਸਿੰਘ ਮੇਲਾ, ਚਰਨ ਸਿੰਘ ਚੱਠਾ ਨੇ ਵੀ ਆਪਣੇ ਆਪਣੇ ਵਿਚਾਰ ਰੱਖੇ ਅਤੇ ਮੀਟਿੰਗ ਵਿੱਚ ਬਲਵੰਤ ਸਿੰਘ ਸੁਨਾਮ ,ਗਗਨਦੀਪ ਸਿੰਘ, ਬਹਾਦਰ ਸਿੰਘ ਚੱਠੇ, ਲਾਲਾ ਸਿੰਘ ਚੱਠੇ, ਰਾਮ ਸਿੰਘ, ਹਰਪ੍ਰੀਤ ਕੋਰ ਸਾਹੁਕੇ, ਅਮ੍ਰਿਤਪਾਲ ਕੋਰ ਫਗੂਆਲ, ਕਰਮਜੀਤ ਕੋਰ ਭਸੋੜ, ਪਾਲ ਕੋਰ ਟੀਬੀ ਮਨਰੇਗਾ ਡੈਮੋਗਰੇਟਿਕ ਫਰੰਟ, ਸੰਭੂ ਕੋਰ ਛਾਜਲੀ ਹਰਪਾਲ ਸਿੰਘ ਸਮਾਜ ਸੇਵੀ,ਆਦੀ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਹਾਜ਼ਰੀ ਲਗਵਾਈ।

# ਪੰਜਾਬ ਦੇ ਹੜ ਪੀੜੀਤਾਂ ਦੀ ਮਦਦ ਲਈ ਅੱਗੇ ਆਉਣ ਦੀ ਅਪੀਲ: ਬਾਬਾ ਮਹਿਰਾਜ



ਨਵੀਂ ਦਿੱਲੀ 17 ਸੰਤਬਰ (ਮਨਪ੍ਰੀਤ ਸਿੰਘ ਖਾਲਸਾ): ਗੁਰੂਆਂ ਪੀਰਾਂ ਦੀ ਵਰਸੋਈ ਪੰਜਾਬ ਦੀ ਧਰਤੀ ਨੂੰ ਸਦਾ ਮੁਹਿੰਮਾਂ ਨਾਲ ਜੂਝਣਾ ਪੈਂਦਾ ਹੈ। ਕਦੇ ਰਾਜਨੀਤਕ ਅਤੇ ਕਦੇ ਧਾਰਮਿਕ।ਦਲ ਖਾਲਸਾ ਦੇ ਸੀਨੀਅਰ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ ਜਗਤ ਗੁਰੂ ਧੰਨ ਸ ?ੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਉਪਦੇਸ਼ਾਂ ਰਾਹੀਂ ਲੋੜਵੰਦ ਦੀ ਮਦਦ ਕਰਨ ਦਾ ਸੰਦੇਸ਼ ਵੀ ਇਸ ਧਰਤੀ ਤੇ ਹੀ ਦਿੱਤਾ ਸੀ। ਇਸ ਕਰਕੇ ਹੀ ਹਰੇਕ ਨਾਨਕ ਨਾਮ ਲੇਵਾ ਇਸ ਉਪਦੇਸ਼ ਨੂੰ ਆਪਣੇ ਜੀਵਨ ਵਿੱਚ ਅਮਲ ਕਰਨ ਲਈ ਸਦਾ ਤਤਪਰ ਰਹਿੰਦਾ ਹੈ। ਇਸ ਸਮੇਂ ਲੋੜਵੰਦਾਂ ਦੀ ਮਦਦ ਕਰਨ ਵਾਲੇ ਪੰਜਾਬੀਆਂ ਨੂੰ ਹੜਾਂ ਕਰਕੇ ਮਦਦ ਦੀ ਲੋੜ ਹੈ। ਅਸੀਂ ਤੁਹਾਨੂੰ ਸਾਰਿਆਂ ਨੂੰ ਅਪੀਲ ਕਰਦੇ ਹਾਂ ਕਿ ਇਸ ਅਣਖੀ ਕੌਮ ਦੀ ਵਿਪਦਾ ਦੇ ਸਮੇਂ ਆਪਣੀ ਕਮਾਈ ਵਿੱਚੋਂ ਦਸਵੰਧ ਕੱਢਕੇ, ਆਪਣੇ ਖਰਚਿਆਂ ਵਿੱਚ ਕਟੌਤੀ ਕਰਕੇ, ਆਪਣੇ ਘਰ ਪਰਿਵਾਰ ਵਿੱਚ ਹੋਣ ਵਾਲੇ ਪ੍ਰੋਗਰਾਮਾਂ ਵਿੱਚ ਕੁਝ ਗੈਰਜਰੂਰੀ ਖਰਚਿਆਂ ਵਿੱਚ ਕਟੌਤੀ ਕਰਕੇ ਮਦਦ ਕਰੀਏ।ਆਉਣ ਵਾਲਾ ਸਮਾਂ ਤਿਉਹਾਰਾਂ ਦਾ ਸਮਾਂ ਹੈ, ਤੁਸੀਂ ਆਪਣੇ ਪਰਿਵਾਰ ਨਾਲ ਪੰਜਾਬ ਦੇ ਕਿਸੇ ਵੀ ਹੜ ? ਪੀੜਤ ਇਲਾਕੇ ਵਿੱਚ ਜਾ ਕੇ, ਉਥੋਂ ਦੇ ਵਸਨੀਕਾਂ ਨੂੰ ਮਿਲੋ ਤੇ ਤਿਉਹਾਰ ਤੇ ਖਰਚ ਕਰਨ ਵਾਲੀ ਮਾਇਆ ਇਨ੍ਹਾਂ ਲੋੜਵੰਦ ਪਰਿਵਾਰਾਂ ਨੂੰ ਦੇ ਕੇ ਉਨ੍ਹਾਂ ਦੀ ਖੁਸ਼ੀ ਦਾ ਹਿੱਸਾ ਬਣ ਕੇ ਗੁਰੂ ਸਾਹਿਬ ਦੀ ਅਸੀਸ ਦੇ ਪਾਤਰ ਬਣੋ । ਆਪਣੇ ਬੱਚਿਆਂ ਨੂੰ ਸੇਵਾ ਦੇ ਸਿਧਾਂਤ ਦਾ ਸੁਨੇਹਾ ਦਿਓ। ਨਗਰ ਕੀਰਤਨਾਂ ਦੇ ਮੌਕੇ ਲਗਾਏ ਜਾਣ ਵਾਲੇ ਲੰਗਰ ਦੀ ਰਸਦ ਤੇ ਹੋਰ ਸਮਗਰੀ ਦੇ ਬਰਾਬਰ ਦੀ ਮਾਇਆ ਨਾਲ ਆਪਣੇ ਪੰਜਾਬ ਦੇ ਲੋੜਵੰਦ ਲੋਕਾਂ ਨੂੰ ਦੇਣ ਲਈ ਵਿਚਾਰ ਕੀਤਾ ਜਾਵੇ। ਹੜ ਪੀੜੀਤਾਂ ਨੂੰ ਭੋਜਨ ਸਮਗਰੀ ਦੇ ਨਾਲ ਨਾਲ ਕਪੜਿਆਂ, ਬਿਸਤਰਿਆਂ, ਭਾਂਡਿਆਂ ਤੇ ਹੋਰ ਘਰੇਲੂ ਨਿੱਕ ਸੁੱਕ ਦੇਣ ਦੀ ਸੇਵਾ ਲਈ ਸਾਡੇ ਨਾਲ ਸੰਪਰਕ ਵੀ ਕੀਤਾ ਜਾ ਸਕਦਾ ਹੈ।

# ਪਿੰਡ ਢੱਡਿਆਂ ਦੀ ਸਮੁੱਚੀ ਸਾਧ ਸੰਗਤ ਅਤੇ ਸਮਾਜ ਸੇਵੀਆਂ ਵੱਲੋਂ ਸ਼ਮਸ਼ਾਨ ਘਾਟ ਨੂੰ ਜਾਂਦੇ ਰਸਤੇ ਨੂੰ ਬਣਵਾਇਆ: ਲਖਵਿੰਦਰ ਸਿੰਘ ਢੱਡੇ



ਚੌਕ ਮਹਿਤਾ, 17 ਸਤੰਬਰ, ( ਬਾਬਾ ਸੁਖਵੰਤ ਸਿੰਘ ਚੰਨਣਕੇ )- ਮਜੀਠੇ ਹਲਕੇ ਦੇ ਅਧੀਨ ਆਉਂਦੇ ਇਤਿਹਾਸਿਕ ਪੱਖ ਤੋਂ ਮੋਹਰੀ ਨਗਰ ਢੱਡੇ ਵਿਖੇ, ਉੱਘੇ ਸਮਾਜ ਸੇਵੀ, ਅਤੇ ਸੰਤ ਬਾਬਾ ਸੇਵਾ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਦੇ ਸੇਵਕ, ਸਾਬਕਾ ਪੁਲਿਸ ਇੰਸਪੈਕਟਰ ਲਖਵਿੰਦਰ ਸਿੰਘ ਢੱਡੇ ਅਤੇ ਉਨਾਂ ਦੀ ਸਮੁੱਚੀ ਟੀਮ ਅਤੇ ਅਤੇ ਸਮੂਹ ਸਾਧ ਸੰਗਤ ਤੇ ਗ੍ਰਾਮ ਪੰਚਾਇਤ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪਿੰਡ ਦੇ ਸ਼ਮਸ਼ਾਨ ਘਾਟ ਨੂੰ ਜਾਂਦੇ ਰਸਤੇ ਨੂੰ ਸ਼ਾਨਦਾਰ ਬੂਟੇ ਅਤੇ ਕੰਕਰੀਟ ਪਾ ਕੇ ਬਣਾਇਆ ਗਿਆ, ਜ਼ਿਕਰ ਯੋਗ ਹੈ ਕਿ ਪਿਛਲੇ ਕਈ ਮਹੀਨਿਆਂ ਤੋਂ ਲਖਵਿੰਦਰ ਸਿੰਘ ਦੀ ਸਮੁੱਚੀ ਟੀਮ ਦਿਨ ਰਾਤ ਸੇਵਾ ਕਰਦੀ ਆ ਰਹੀ ਹੈ, ਪਿਛਲੇ ਦਿਨੀ ਹੋਈ ਬਾਰਿਸ਼ ਵਿੱਚ ਵੀ ਉਹਨਾਂ ਦੀ ਟੀਮ ਵੱਲੋਂ ਹਰ ਘਰ ਜਾ ਕੇ ਨਗਰ ਦੇ ਲੋਕਾਂ ਦੀ ਹਰ ਸਮੱਸਿਆ ਨੂੰ ਪੂਰਾ ਕੀਤਾ ਹੈ, ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲਖਵਿੰਦਰ ਸਿੰਘ ਢੱਡੇ ਨੇ ਦੱਸਿਆ ਕਿ ਉਹਨਾਂ ਦੀ ਪੂਰੀ ਟੀਮ ਇਸੇ ਤਰ੍ਹਾਂ ਹੀ ਪਿੰਡ ਦੇ ਚਾਰ ਚੁਫੇਰੇ ਜਲਦੀ ਹੀ ਸਫਾਈ ਮੁਹਿੰਮ ਚਲਾਉਣਗੇ, ਅਤੇ ਨਗਰ ਦੇ ਲੋਕਾਂ ਦੇ ਸਹਿਯੋਗ ਨਾਲ ਪਿੰਡ ਦੀ ਨੁਹਾਰ ਬਦਲਣਗੇ, ਜ਼ਿਕਰ ਯੋਗ ਹੈ ਕਿ ਜਿੱਥੇ ਪਿੰਡ ਦੀ ਪੰਚਾਇਤ ਆਪਣਾ ਕੰਮ ਪੂਰੀ ਇਮਾਨਦਾਰੀ ਨਾਲ ਕਰ ਰਹੀ ਹੈ, ਉੱਥੇ ਹੀ ਲਖਵਿੰਦਰ ਸਿੰਘ ਦੀ ਟੀਮ ਵੀ ਪੰਚਾਇਤ ਨੂੰ ਸੰਯੋਗ ਦੇ ਕੇ ਆਪਣਾ ਪੂਰਾ ਫਰਜ਼ ਨਿਭਾ ਰਹੀ ਹੈ,, ਉਹਨਾਂ ਦੱਸਿਆ ਕਿ ਜਲਦੀ ਹੀ ਸ਼ਮਸ਼ਾਨ ਘਾਟ ਦੇ ਅੰਦਰ ਸ਼ਾਨਦਾਰ ਬੂਟੇ ਅਤੇ ਬੈਠਣ ਵਾਸਤੇ ਕੁਰਸੀਆਂ ਦਾ ਇੰਤਜ਼ਾਮ ਕੀਤਾ ਜਾਵੇਗਾ, ਅਤੇ ਸ਼ਮਸ਼ਾਨ ਘਾਟ ਦੇ ਰਸਤੇ ਉੱਪਰ ਲਾਈਟਾਂ ਦਾ ਪ੍ਰਬੰਧ ਕੀਤਾ ਜਾਵੇਗਾ, ਇਸ ਮੌਕੇ, ਸਰਪੰਚ ਧੰਨਾ ਸਿੰਘ, ਸਾਬਕਾ ਸਰਪੰਚ ਮਨਜੀਤ, ਬਾਬਾ ਮਲੂਕ ਸਿੰਘ, ਮੈਂਬਰ ਰਵਿੰਦਰ ਸਿੰਘ, ਮੈਂਬਰ ਕਸ਼ਮੀਰ ਸਿੰਘ, ਮੈਂਬਰ ਜਸਵੀਰ ਸਿੰਘ, ਮੈਂਬਰ ਜਸਵੰਤ ਸਿੰਘ, ਮੈਂਬਰ ਹਰਜੀਤ ਸਿੰਘ, ਨੰਬਰਦਾਰ ਲਖਬੀਰ ਸਿੰਘ ਬਾਊ, ਨੰਬਰਦਾਰ ਗੁਰਵਿੰਦਰ ਸਿੰਘ, ਬਖਤਾਵਰ ਸਿੰਘ, ਸੁਖਬੀਰ ਸਿੰਘ, ਮਨਜੀਤ ਸਿੰਘ, ਤਰਸੇਮ ਸਿੰਘ ਪ੍ਰਧਾਨ, ਗੁਰਮੁਖ ਸਿੰਘ ਪ੍ਰਧਾਨ, ਕੁਲਦੀਪ ਸਿੰਘ, ਕੁਲਦੀਪ ਸਿੰਘ ਪਾਰ ਵਾਲੇ, ਆਦ ਮੌਜੂਦ ਸਨ।

# ਸੰਦੀਪ ਸਿੰਘ ਸੰਨੀ 'ਤੇ ਜੇਲ੍ਹ 'ਚ ਤਸ਼ੱਦਦ ਹੋਣ ਦਾ ਸਾਹਮਣੇ ਆਇਆ ਮਾਮਲਾ ਨਿੰਦਣਯੋਗ: ਜਥੇਦਾਰ ਬਾਬਾ ਟੇਕ ਸਿੰਘ



ਤਲਵੰਡੀ ਸਾਬੋ, 17 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪਟਿਆਲਾ ਜੇਲ੍ਹ 'ਚ ਨਜ਼ਰਬੰਦ ਸ੍ਰੀ ਅੰਮ੍ਰਿਤਸਰ ਸਾਹਿਬ ਨਿਵਾਸੀ ਸਿੱਖ ਕੈਦੀ ਸੰਦੀਪ ਸਿੰਘ ਸੰਨੀ ਤੇ ਜੇਲ੍ਹ ਅੰਦਰ ਭਾਰੀ ਤਸ਼ੱਦਦ ਕੀਤੇ ਜਾਣ ਦੇ ਸਾਹਮਣੇ ਆਏ ਮਾਮਲੇ 'ਤੇ ਚਿੰਤਾ ਪ੍ਰਗਟਾਉਂਦਿਆਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਸਮੁੱਚੇ ਵਰਤਾਰੇ ਨੂੰ ਨਿੰਦਣਯੋਗ ਕਰਾਰ ਦਿੱਤਾ ਹੈ। ਅੱਜ ਇੱਥੇ ਗੱਲਬਾਤ ਦੌਰਾਨ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਕਿਹਾ ਕਿ ਭਾਈ ਸੰਦੀਪ ਸਿੰਘ ਸੰਨੀ ਉੱਪਰ ਜੇਲ੍ਹ 'ਚ ਤਸ਼ੱਦਦ ਦੇ ਮਾਮਲੇ 'ਚ ਅਦਾਲਤ ਨੇ ਵੀ ਜੇਲ੍ਹ ਪ੍ਰਸ਼ਾਸ਼ਨ ਤੇ ਪੁਲਿਸ ਨੂੰ ਭਾਈ ਸੰਨੀ ਦੀ ਡਾਕਟਰੀ ਜਾਂਚ ਕਰਵਾਕੇ ਰਿਪੋਰਟ ਅਦਾਲਤ ਚ ਦਾਖਿਲ ਕਰਨ ਦੇ ਆਦੇਸ਼ ਦਿੱਤੇ ਹਨ ਪਰ ਹੈਰਾਨੀ ਦੀ ਗੱਲ ਹੈ ਕਿ ਹੁਣ ਵੇਲੇ ਤੱਕ ਮਿਲੀ ਜਾਣਕਾਰੀ ਮੁਤਾਬਿਕ ਪੁਲਿਸ ਨੇ ਅਦਾਲਤੀ ਹੁਕਮਾਂ ਦੀ ਪ੍ਰਵਾਹ ਨਾ ਕਰਦਿਆਂ ਉਸਦੀ ਡਾਕਟਰੀ ਜਾਂਚ ਨਹੀ ਕਰਵਾਈ ਅਤੇ ਇਸੇ ਤੋਂ ਇਹ ਵੀ ਪਤਾ ਲੱਗਦਾ ਹੈ ਕਿ ਜੇਲ੍ਹ ਪ੍ਰਸ਼ਾਸ਼ਨ ਆਪਣੇ ਗੁਨਾਹਾਂ 'ਤੇ ਪਰਦਾ ਪਾਉਣ ਲੱਗਾ ਹੋਇਆ ਹੈ। ਸਿੰਘ ਸਾਹਿਬ ਨੇ ਕਿਹਾ ਕਿ ਸਿੱਖ ਨੌਜਵਾਨਾਂ ਦੇ ਕਤਲੇਆਮ ਦੇ ਦੋਸ਼ਾਂ ਤਹਿਤ ਜੇਲ੍ਹ 'ਚ ਸਜ਼ਾ ਭੁਗਤ ਰਹੇ ਸਾਬਕਾ ਪੁਲਿਸ ਅਧਿਕਾਰੀਆਂ ਤੇ ਜੇਲ੍ਹ ਪ੍ਰਸ਼ਾਸਨ ਦੀ ਮਿਲੀਭੁਗਤ ਵੀ ਇਸ ਤਸ਼ੱਦਦ ਦੀ ਘਟਨਾ ਨੇ ਸਾਹਮਣੇ ਲਿਆਂਦੀ ਹੈ ਅਤੇ ਪੂਰੇ ਮਾਮਲੇ ਨੂੰ ਦੱਬੀ ਰੱਖਣ ਦੇ ਮਕਸਦ ਨਾਲ ਹੀ ਭਾਈ ਸੰਨੀ ਨੂੰ ਪਟਿਆਲਾ ਤੋਂ ਸੰਗਰੂਰ ਜੇਲ੍ਹ ਤਬਦੀਲ ਕੀਤਾ ਗਿਆ। ਜਥੇਦਾਰ ਬਾਬਾ ਟੇਕ ਸਿੰਘ ਨੇ ਕਿਹਾ ਕਿ ਜੇਲ੍ਹਾਂ ਚ ਬੰਦ ਸਿੱਖ ਕੈਦੀਆਂ ਨਾਲ ਅਜਿਹੇ ਵਰਤਾਰੇ ਉਪਰੰਤ ਸਿੱਖ ਕੌਮ ਚੁੱਪ ਨਹੀ ਬੈਠੇਗੀ।

# ਇੱਕ ਨਜ਼ਰ . . .

## 2027 ਵਿੱਚ ਪੰਜਾਬ 'ਚ ਭਾਜਪਾ ਦੀ ਸਰਕਾਰ ਆਉਣ ਤੋਂ ਕੋਈ ਵੀ ਨਹੀ ਰੋਕ ਸਕਦਾ: ਨੀਲੂ ਮਿੱਤਲ ਧੂਰੀ



ਧੂਰੀ, 17 ਸਤੰਬਰ ( ਰਣਜੀਤ ਸਿੰਘ ਪੇਧਨੀ )-2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਸਰਕਾਰ ਨੂੰ ਚਲਦਾ ਕਰਨਗੇ, ਕਿਉਂਕਿ ਕੇਂਦਰ ਸਰਕਾਰ ਵੱਲੋਂ ਲੋਕਾਂ ਲਈ ਸ਼ੁਰੂ ਕੀਤੀਆਂ ਯੋਜਨਾਵਾਂ ਪੰਜਾਬ ਸਰਕਾਰ ਪੰਜਾਬ ਦੇ ਲੋਕਾਂ ਤੱਕ ਨਹੀਂ ਪਹੁੰਚਾਉਣਾ ਚਾਹੁੰਦੀ, ਕਿਉਂਕਿ ਜੇਕਰ ਮੋਦੀ ਸਰਕਾਰ ਦੀਆਂ ਨੀਤੀਆਂ ਤੋਂ ਪੰਜਾਬ ਦੇ ਲੋਕ ਜਾਣੂ ਹੋ ਗਏ ਤਾਂ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਆਉਣ ਤੋਂ ਕੋਈ ਵੀ ਨਹੀ ਰੋਕ ਸਕਦਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਜਿਲ੍ਹਾ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਧੂਰੀ ਨੇ ਕੀਤਾ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੇ ਗਏ 12 ਹਜਾਰ ਕਰੋੜ ਰੁਪਏ ਦੇ ਫੰਡ ਦਾ ਹਿਸਾਬ ਜਨਤਕ ਕਰੇ, ਕਿਉਂਕਿ ਕੇਂਦਰ ਸਰਕਾਰ ਤੋਂ ਜਾਰੀ ਹੋਇਆ 12 ਹਜਾਰ ਕਰੋੜ ਦਾ ਫੰਡ ਅੱਜ ਤੱਕ ਵੀ ਪੰਜਾਬ ਸਰਕਾਰ ਨੇ ਕਿਸੇ ਵੀ ਪ੍ਰੋਜੈਕਟ ਜਾਂ ਹੋਰ ਕਿਸੇ ਵਿਕਾਸ ਕਾਰਜਾਂ 'ਤੇ ਨਹੀਂ ਖਰਚਿਆ। ਉਨਾ ਕਿਹਾ ਕਿ ਕੇਂਦਰ ਵੱਲੋਂ ਸਰਕਾਰ ਵੱਲੋਂ ਕਿਸੇ ਵੀ ਰਾਜ ਨਾਲ ਭੇਦਭਾਵ ਨਹੀਂ ਕੀਤਾ ਜਾਂਦਾ ਸਾਰੇ ਰਾਜਾਂ ਨੂੰ ਉਹਨਾਂ ਦਾ ਬਣਦੀ ਫੰਡ ਰਾਸ਼ੀ ਤੁਰੰਤ ਜਾਰੀ ਕਰਕੇ ਰਾਜ ਸਰਕਾਰ ਦੇ ਮੁੱਖ ਮੰਤਰੀ ਤੱਕ ਪਹੁੰਚਾਈ ਜਾਂਦੀ ਹੈ, ਪਰ ਦੁੱਖ ਇਸ ਗੱਲ ਦਾ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਜਾਰੀ ਕੀਤੀ ਗਈ ਫੰਡ ਦੀ ਰਾਸ਼ੀ ਕਦੇ ਵੀ ਵਿਕਾਸ ਕਾਰਜਾਂ ਤੇ ਨਹੀਂ ਲਗਾਈ ਜਾਂਦੀ ਉਲਟਾ ਕੇਂਦਰ ਸਰਕਾਰ ਨੂੰ ਪੰਜਾਬ ਸਰਕਾਰ ਵੱਲੋਂ ਭੰਡਣ ਦਾ ਹੀ ਕੰਮ ਕੀਤਾ ਜਾਂਦਾ ਹੈ ।

## ਮਿਸ਼ਨ ਚੜ੍ਹਦੀਕਲਾ ਲਈ 1 ਕਰੋੜ ਰੁਪਏ ਦੇਣ ਦਾ ਐਲਾਨ: ਵਿਕਰਮਜੀਤ ਸਾਹਨੀ



ਨਵੀਂ ਦਿੱਲੀ 17 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਐਮਪੀ ਵਿਕਰਮਜੀਤ ਸਿੰਘ ਸਾਹਨੀ ਨੇ ਮੁੱਖ ਮੰਤਰੀ ਪੰਜਾਬ ਵੱਲੋਂ ਸ਼ੁਰੂ ਕੀਤੇ ਗਏ "ਮਿਸ਼ਨ ਚੜ੍ਹਦੀਕਲਾ" ਲਈ ?1 ਕਰੋੜ ਦੇਣ ਦਾ ਐਲਾਨ ਕੀਤਾ ਹੈ । ਡਾ. ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ, ਰਾਜ ਸਭਾ, ਪੰਜਾਬ ਨੇ ਅੱਜ ਪੰਜਾਬ ਦੇ ਹੜ੍ਹ ਰਾਹਤ ਅਤੇ ਮੁੜ ਵਸੇਬੇ ਲਈ ਮਿਸ਼ਨ ਚੜ੍ਹਦੀਕਲਾ ਮੁੱਖ ਮੰਤਰੀ ਰੰਗਲਾ ਪੰਜਾਬ ਫੰਡ ਵਾਸਤੇ 1 ਕਰੋੜ ਰੁਪਏ ਦੇਣ ਦਾ ਐਲਾਨ ਕਰਨ ਵਾਲੇ ਪਹਿਲੇ ਵਿਅਕਤੀ ਹਨ। ਡਾ. ਸਾਹਨੀ ਅਗਲੇ ਤਿੰਨ ਮਹੀਨਿਆਂ ਲਈ ਗਾਰ ਕੱਢਣ ਦੇ ਕਾਰਜਾਂ ਵਾਸਤੇ 50 ਟਰੈਕਟਰ ਅਤੇ 10 ਜੇ.ਸੀ.ਬੀ. ਮਸ਼ੀਨਾਂ ਅਤੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਬਿਮਾਰੀਆਂ ਦੇ ਪ੍ਰਕੋਪ ਨੂੰ ਕੰਟਰੋਲ ਕਰਨ ਲਈ ਵੱਖ-ਵੱਖ ਪੰਚਾਇਤਾਂ ਨੂੰ 200 ਫੌਗਿੰਗ ਮਸ਼ੀਨਾਂ ਵੀ ਪ੍ਰਦਾਨ ਕਰ ਰਹੇ ਹਨ। ਡਾ. ਸਾਹਨੀ ਨੇ ਅਜਨਾਲਾ ਵਿੱਚ ਇੱਕ ਸਮਰਪਿਤ ਮੈਗਾ ਵੇਅਰਹਾਊਸ ਵੀ ਸਥਾਪਤ ਕੀਤਾ ਹੈ ਜਿੱਥੋਂ ਪ੍ਰਭਾਵਿਤ ਪਰਿਵਾਰਾਂ ਨੂੰ ਹਜ਼ਾਰਾਂ ਰਾਹਤ ਕਿੱਟਾਂ ਵੰਡੀਆਂ ਜਾ ਰਹੀਆਂ ਹਨ ਜਿਸ ਵਿੱਚ ਬਿਸਤਰੇ, ਗੱਦੇ, ਰਸੋਈ ਸੈੱਟ, ਕੰਬਲ, ਫਰਨੀਚਰ ਅਤੇ ਹੋਰ ਬਹੁਤ ਸਾਰੀਆਂ ਜ਼ਰੂਰੀ ਘਰੇਲੂ ਚੀਜ਼ਾਂ ਸ਼ਾਮਲ ਹਨ।

## ਗੁਣ , ਹੁਨਰ ਤੇ ਸੀਰਤ

ਸਾਨੂੰ ਜੋ ਵੀ ਚੇਤੇ ਕਰਦੈ ਅਸੀਂ ਵੀ
ਉਹਦੀ ਯਾਦ ਵਿੱਚ ਰੋਏ ਆਂ ।
ਜਿਸ ਨਾਲ਼ ਬੈਠੀਏ ਲੋੜ ਪੈਣ 'ਤੇ
ਉਸ ਨਾਲ਼ ਸਦਾ ਖਲੋਏ ਆਂ ।
ਅਸੀਂ ਕੀ ਕਿਵੇਂ ਤੇ ਕੌਣ ਹੁੰਨੇਂ ਆਂ
ਕਦੇ ਲੋੜ ਪਈ 'ਨੀਂ ਦੱਸਣ ਦੀ ;
ਨਾ ਅੱਡੀਆਂ ਚੁਕਦੇ ਹਾਂ ਯਾਰੋ ,
ਹੁਨਰਾਂ ਨਾਲ਼ ਉੱਚੇ ਹੋਏ ਆਂ ।

ਮੂਲ ਚੰਦ ਸ਼ਰਮਾ ਪ੍ਰਧਾਨ ,
ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ ।
9914836037

## ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾਂ ਦੀ ਖੋ-ਖੋ ਟੀਮ ਦੀ ਹੋਈ ਸਟੇਟ ਪੱਧਰ ਲਈ ਚੋਣ

### ਬੱਚਿਆਂ ਨੂੰ ਬਹੁਤ ਬਹੁਤ ਮੁਬਾਰਕਾਂ: ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ




ਬਰਨਾਲਾ, 17 ਸਤੰਬਰ (ਵਰਿਆਮ ਹਠੂਰ)- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੀਆਂ ਅੰਡਰ 14 ਲੜਕੀਆਂ ਦੀ ਜ਼ਿਲ੍ਹਾ ਪੱਧਰ ਤੇ ਹੋਏ ਖੇਡ ਮੁਕਾਬਲਿਆਂ ਵਿੱਚ ਅੱਠ ਟੀਮਾਂ ਨਾਲ ਹੋਏ ਸਖ਼ਤ ਮੁਕਾਬਲੇ ਦੌਰਾਨ ਸਕੂਲ ਦੀਆਂ ਲੜਕੀਆਂ ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਤੇ ਸਕੂਲ ਦੀਆਂ ਅੰਡਰ 14 ਲੜਕੀਆਂ ਦੀ ਖੋ-ਖੋ ਦੀ ਟੀਮ ਦੀ ਸਟੇਟ ਪੱਧਰ ਲਈ ਚੋਣ ਹੋਈ। ਗੱਲਬਾਤ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਸਮੂਹ ਸਟਾਫ਼ ਨੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਹਨਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਸਾਡੇ ਸਕੂਲ ਵੱਲੋਂ ਬੱਚਿਆਂ ਨੂੰ ਚੰਗੀ ਵਿੱਦਿਆ ਦੇਣ ਦੇ ਨਾਲ ਨਾਲ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਬੱਚਿਆਂ ਨੂੰ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤੇ ਸਾਡੇ ਸਕੂਲ ਦੇ ਬੱਚੇ ਖੇਡਾਂ ਵਿੱਚ ਵੀ ਮੱਲਾਂ ਮਾਰ ਹਨ। ਤੇ ਖੇਡਾਂ ਵਿੱਚ ਚੰਗੀਆਂ ਪੁਜੀਸ਼ਨਾਂ ਹਾਸਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ ਦਾ ਵੀ ਨਾਮ ਰੌਸ਼ਨ ਕਰਦੇ ਹਨ।

# ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਜਾਗ੍ਰਿਤੀ ਯਾਤਰਾ 'ਚ ਹਰਮੀਤ ਸਿੰਘ ਕਾਲਕਾ ਅਤੇ ਹੋਰ ਮੈਂਬਰਾਂ ਨੇ ਭਰੀ ਹਾਜ਼ਰੀ



### ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ 'ਤੇ 23, 24 ਅਤੇ 25 ਨਵੰਬਰ ਨੂੰ ਦਿੱਲੀ 'ਚ ਲਾਲ ਕਿਲ੍ਹੇ 'ਤੇ ਹੋਣਗੇ ਸਮਾਗਮ

ਨਵੀਂ ਦਿੱਲੀ, 17 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅੱਜ ਤਖ਼ਤ ਸ੍ਰੀ ਪਟਨਾ ਸਾਹਿਬ ਵੱਲੋਂ ਬਿਹਾਰ ਦੀ ਸਰਕਾਰ ਦੇ ਸਹਿਯੋਗ ਨਾਲ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਦੇ ਅਨਿੰਨ ਗੁਰਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੱਢੀ ਜਾ ਰਹੀ 'ਵਿਸ਼ੇਸ਼ ਜਾਗ੍ਰਿਤੀ ਯਾਤਰਾ' ਵਿਚ ਹਾਜ਼ਰੀ ਭਰਨ ਲਈ ਪਟਨਾ ਪੁੱਜੇ। ਹਵਾਈ ਅੱਡੇ 'ਤੇ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਾਥੀਆਂ ਦਾ ਤਖਤ ਪਟਨਾ ਸਾਹਿਬ ਕਮੇਟੀ ਦੇ ਬੁਲਾਰੇ ਸਰਦਾਰ ਹਰਪਾਲ ਸਿੰਘ ਜੌਹਲ ਅਤੇ ਮੀਡੀਆ ਇੰਚਾਰਜ ਸਰਦਾਰ ਸੁਦੀਪ ਸਿੰਘ ਦੇ ਸਾਥੀਆਂ ਨੇ ਸਿਰੋਪਾਓ ਦੇ ਕੇ ਸਨਮਾਨ ਕੀਤਾ ਅਤੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਦਿੱਲੀ ਗੁਰਦੁਆਰਾ ਕਮੇਟੀ ਦੇ ਮੈਂਬਰ ਸਰਦਾਰ ਭੁਪਿੰਦਰ ਸਿੰਘ ਭੁੱਲਰ ਅਤੇ ਸਰਦਾਰ ਜਸਪ੍ਰੀਤ ਸਿੰਘ ਵਿੱਕੀ ਮਾਨ ਵੀ ਉਹਨਾਂ ਦੇ ਨਾਲ ਸਨ। ਇਸ ਉਪਰੰਤ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸਾਥੀਆਂ ਸਮੇਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪੁੱਜੇ ਮੱਥਾ ਟੇਕ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮਗਰੋਂ ਗੁਰੂਦੁਆਰਾ ਗੁਰ ਕਾ ਬਾਗ ਪਹੁੰਚੇ ਜਿਥੋਂ " ਵਿਸ਼ੇਸ਼ ਜਾਗਰਤੀ ਯਾਤਰਾ " ਦੀ ਆਰੰਭਤਾ ਹੋਈ। ਗੁਰਦੁਆਰਾ ਸ੍ਰੀ ਬਾਲ ਲੀਲ੍ਹਾ ਮੈਣੀ ਸੰਗਤ ਸਾਹਿਬ, ਸ੍ਰੀ ਪਟਨਾ ਸਾਹਿਬ ਬਿਹਾਰ ਵਿਖੇ ਵੀ ਨਤਮਸਤਕ ਹੋਏ ਹੋਏ ਜਿਥੇ ਪ੍ਰਬੰਧਕਾਂ ਅਤੇ ਸੰਤ ਬਾਬਾ ਗੁਰਵਿੰਦਰ ਸਿੰਘ, ਸੰਪਰਦਾ ਸੰਤ ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀ ਵਾਲਿਆਂ ਨੇ ਵੀ ਉਹਨਾਂ ਨੂੰ ਸਨਮਾਨਤ ਕੀਤਾ। ਗੁਰੂਦਵਾਰਾ ਗੁਰੂ ਕਾ ਬਾਗ ਵਿਖੇ ਸੰਗਤ ਨੂੰ ਸੰਬੋਧਨ ਕਰਦਿਆਂ ਉਹਨਾਂ ਨੇ ਵਿਸ਼ੇਸ਼ ਜਾਗ੍ਰਿਤੀ ਯਾਤਰਾ ਕੱਢਣ ਲਈ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਯਾਤਰਾ ਰਾਹੀਂ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਦਾ ਸੰਦੇਸ਼ ਦੇਸ਼ ਭਰ ਵਿਚ ਵੱਖ-ਵੱਖ ਥਾਵਾਂ 'ਤੇ ਜਾਵੇਗਾ। ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਇਤਿਹਾਸ ਵਿਚ ਇਕੋ ਇਕ ਸ਼ਹਾਦਤ ਹੈ ਜੋ ਦੂਸਰੇ ਧਰਮ ਵਾਸਤੇ ਦਿੱਤੀ ਗਈ ਹੈ। ਉਹਨਾਂ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬਹੁਤ ਸਾਰੇ ਸਮਾਗਮ ਰੱਖੇ ਹਨ। ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਦਿੱਲੀ ਵਿਚ ਹੋਈ ਤੇ ਉਹਨਾਂ ਦਾ ਅੰਤਿਮ ਸਸਕਾਰ ਵੀ ਦਿੱਲੀ ਵਿਚ ਹੋਇਆ ਜਿਥੇ ਅੱਜ ਗੁਰਦੁਆਰਾ ਸੀਸਗੰਜ ਸਾਹਿਬ ਅਤੇ ਗੁਰਦੁਆਰਾ ਰਕਾਬਗੰਜ ਸਾਹਿਬ ਸਥਿਤ ਹਨ ਜਿਹਨਾਂ ਦੀ ਸੇਵਾ ਦਿੱਲੀ ਗੁਰਦੁਆਰਾ ਕਮੇਟੀ ਕਰ ਰਹੀ ਹੈ। ਉਹਨਾਂ ਕਿਹਾ ਕਿ ਇਸ ਵਾਸਤੇ ਇਹ ਸਮਾਗਮ ਆਯੋਜਿਤ ਕਰਨ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਦਿੱਲੀ ਗੁਰਦੁਆਰਾ ਕਮੇਟੀ ਦੇ ਮੋਢਿਆਂ 'ਤੇ ਹੈ ਤੇ ਅਸੀਂ ਇਹ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਾਂ। ਉਹਨਾਂ ਦੱਸਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਦਿਹਾੜੇ 'ਤੇ ਤਿੰਨ ਰੋਜ਼ਾ ਸਮਾਗਮ 23, 24 ਅਤੇ 25 ਨਵੰਬਰ ਨੂੰ ਦਿੱਲੀ ਦੇ ਲਾਲ ਕਿਲ੍ਹੇ 'ਤੇ ਰੱਖੇ ਗਏ ਹਨ। ਉਹਨਾਂ ਦੱਸਿਆ ਕਿ ਇਸ ਮੌਕੇ ਲੱਖਾਂ ਸੰਗਤਾਂ ਵੱਲੋਂ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ ਜਾਣਗੇ। ਉਹਨਾਂ ਕਿਹਾ ਕਿ ਇਹਨਾਂ ਸਮਾਗਮਾਂ ਵਿਚ ਜਿਥੇ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਲ ਹੋਣਗੀਆਂ, ਉਥੇ ਹੀ ਆਨਲਾਈਨ ਵੀ ਵੱਡੀ ਗਿਣਤੀ 'ਚ ਸੰਗਤਾਂ ਨੂੰ ਇਹਨਾਂ ਯਾਦਗਾਰੀ ਸਮਾਗਮਾਂ ਨਾਲ ਜੋੜਿਆ ਜਾਵੇਗਾ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਇਹਨਾਂ ਸਮਾਗਮਾਂ ਵਿਚ ਸ਼ਾਮਲ ਹੋਣ। ਇਸ ਮੌਕੇ ਪ੍ਰਬੰਧਕਾ ਅਤੇ ਸਨਮਾਨਿਤ ਸ਼ਖ਼ਸੀਅਤਾਂ ਨਾਲ ਮਿਲਕੇ ਗੋਬਿੰਦ ਪ੍ਰਕਾਸ਼ ਮੈਗਜ਼ੀਨ ਦਾ ਵਿਮੋਚਨ ਕੀਤਾ।

# ਹਰਿਆਣਾ ਕਮੇਟੀ ਦੇ ਅਜੋਕੇ ਬਣੇ ਹਾਲਾਤਾਂ ਲਈ ਜਿੰਮੇਵਾਰ ਪ੍ਰਧਾਨ ਝੀਂਡਾ ਨੈਤਿਕਤਾ ਦੇ ਆਧਾਰ ਤੁਰੰਤ ਦੇਵੇ ਅਸਤੀਫ਼ਾ: ਜਥੇਦਾਰ ਬੂੰਗਾ ਟਿੱਬੀ



ਹਰਿਆਣਾ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਰਿਆਣੇ ਦੇ ਸਿੱਖਾਂ ਨੇ ਬੜੀ ਜੱਦੋਜਹਿਦ ਤੋਂ ਬਾਅਦ ਪ੍ਰਾਪਤ ਕੀਤੀ ਸੀ ਪਰ ਗਲਤ ਹੱਥਾਂ ਵਿੱਚ ਜਾਣ ਕਰਕੇ ਅੱਜ ਹਰਿਆਣਾ ਕਮੇਟੀ ਮਜ਼ਾਕ ਦਾ ਪਾਤਰ ਬਣ ਗਈ ਹੈ ਜਿਸ ਲਈ ਸਿੱਧੇ ਤੌਰ ਤੇ ਜਿੰਮੇਵਾਰ ਮੌਜੂਦਾ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਹੈ ਹਰਿਆਣਾ ਕਮੇਟੀ ਦੇ ਅਜੋਕੇ ਬਣੇ ਹਾਲਾਤਾਂ ਉੱਪਰ ਪ੍ਰਧਾਨ ਝੀਂਡਾ ਨੂੰ ਨੈਤਿਕਤਾ ਦੇ ਆਧਾਰ ਤੇ ਤੁਰੰਤ ਅਸਤੀਫਾ ਦੇ ਦੇਣਾ ਚਾਹੀਦਾ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਮੀਡੀਆ ਨੂੰ ਇੱਕ ਲਿਖਤੀ ਪ੍ਰੈਸ ਨੋਟ ਜਾਰੀ ਕਰਦਿਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਪੰਚਕੂਲਾ ਤੋਂ ਸੀਨੀਅਰ ਮੈਂਬਰ ਜਥੇਦਾਰ ਸਵਰਨ ਸਿੰਘ ਬੂੰਗਾ ਟਿੱਬੀ ਨੇ ਕੀਤਾ ਜਥੇਦਾਰ ਬੂੰਗਾ ਟਿੱਬੀ ਨੇ ਕਿਹਾ ਕੇ ਜਗਦੀਸ਼ ਸਿੰਘ ਝੀਂਡਾ ਅੱਜ ਇੱਕ ਡਿਕਟੇਟਰ ਬਣ ਚੁੱਕਿਆ ਹੈ ਜੋ ਹਰੇਕ ਮੈਂਬਰ ਦੇ ਗਲ ਪੈਂਦਾ ਹੈ ਪਿਛਲੇ ਪੰਜ ਮਹੀਨਿਆਂ ਤੋਂ ਹਰਿਆਣਾ ਕਮੇਟੀ ਦੇ ਚੰਗੇ ਪ੍ਰਬੰਧ ਅਤੇ ਧਰਮ ਪ੍ਰਚਾਰ ਲਈ ਇੱਕ ਡੱਕਾ ਵੀ ਨਹੀਂ ਤੋੜਿਆ ਕਾਰ ਦੀ ਡਿੱਗੀ ਸਿਰੋਪਿਆਂ ਨਾਲ ਭਰੀ ਹੈ ਤੇ ਅਫਸਰਾਂ ਦੇ ਦਫ਼ਤਰਾਂ ਵਿੱਚ ਜਾ ਕੇ ਸਿਰੋਪੇ ਵੰਡਦਾ ਫਿਰਦਾ ਹੈ ਤੇ ਹਰੇਕ ਸ਼ਹਿਰ ਵਿੱਚ ਸਿਰਫ ਪ੍ਰੈਸ ਕਾਨਫਰੰਸ ਕਰਨ ਤੋਂ ਇਲਾਵਾ ਝੀਂਡਾ ਨੂੰ ਹੋਰ ਕੋਈ ਕੰਮ ਨਹੀਂ ਹੈ ਸਾਰੇ ਮੈਂਬਰਾਂ ਚੋਂ ਆਪਣਾ ਭਰੋਸਾ ਗਵਾ ਚੁੱਕਾ ਹੈ ਉਨਾਂ ਕਿਹਾ ਕੇ ਝੀਂਡਾ ਨੇ ਆਪਣੀ 11 ਮੈਂਬਰੀ ਐਗਜ਼ੈਕਟਿਵ ਕਮੇਟੀ ਦੀਆਂ ਸਤੰਬਰ ਮਹੀਨੇ ਦੀਆਂ 3 ਮੀਟਿੰਗਾਂ ਫੇਲ ਹੋ ਚੁੱਕੀਆਂ ਹਨ 2 ਸਤੰਬਰ ਵਾਲੀ ਮੀਟਿੰਗ ਵਿੱਚ 6 ਮੈਂਬਰ ਪਹੁੰਚੇ 11 ਸਤੰਬਰ ਵਾਲੀ ਮੀਟਿੰਗ ਵਿੱਚ 1 ਮੈਂਬਰ ਪਹੁੰਚਿਆ ਤੇ 15 ਸਤੰਬਰ ਵਾਲੀ ਮੀਟਿੰਗ ਵਿੱਚ ਇਕੱਲਾ ਹੀ ਦਫ਼ਤਰ ਵਿੱਚ ਬੈਠਾ ਮੈਂਬਰਾਂ ਨੂੰ ਉਡੀਕਦਾ ਰਿਹਾ ਪਰ ਝੀਂਡਾ ਦੇ ਗਲਤ ਵਰਤਾਓ ਕਰਕੇ ਇੱਕ ਵੀ ਮੈਂਬਰ ਮੀਟਿੰਗ ਵਿੱਚ ਨਹੀਂ ਪਹੁੰਚਿਆ ਪ੍ਰਧਾਨ ਝੀਂਡਾ ਜਰਨਲ ਹਾਊਸ ਤੇ ਐਗਜ਼ੈਕਟਿਵ ਕਮੇਟੀ ਵਿੱਚੋਂ ਆਪਣਾ ਭਰੋਸਾ ਗਵਾ ਚੁੱਕਾ ਹੈ ਤੇ ਉਸਨੂੰ ਪ੍ਰਧਾਨਗੀ ਦੇ ਅਹੁਦੇ ਤੇ ਬਣੇ ਰਹਿਣਾ ਕਿਸੇ ਤਰਾਂ ਵੀ ਵਾਜਿਬ ਨਹੀਂ ਹੈ ਇਸ ਲਈ ਫੇਲ ਹੋਏ ਪ੍ਰਧਾਨ ਝੀਂਡਾ ਨੂੰ ਨੈਤਿਕਤਾ ਦੇ ਆਧਾਰ ਤੇ ਤੁਰੰਤ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ।

# ਵੈਨਕੂਵਰ ਵਿੱਚ 18 ਸੰਤਬਰ ਨੂੰ ਭਾਰਤੀ ਐਬੇਸੀ ਮੂਹਰੇ 12 ਘੰਟੇ ਦੀ ਘੇਰਾਬੰਦੀ ਦਾ ਐਲਾਨ: ਐਸਐਫਜੇ



ਨਵੀਂ ਦਿੱਲੀ 17 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖਸ ਫਾਰ ਜਸਟਿਸ ਨਾਲ ਜੁੜੀ ਟੀਮ ਨਿੱਝਰ ਵਲੋਂ 18 ਸੰਤਬਰ ਨੂੰ ਭਾਰਤੀ ਐੱਬੇਸੀ ਮੂਹਰੇ 12 ਘੰਟੇ ਦੀ ਘੇਰਾਬੰਦੀ ਦਾ ਐਲਾਨ ਕਰਦਿਆਂ ਇੱਕ ਪੋਸਟਰ ਜਾਰੀ ਕੀਤਾ ਗਿਆ ਹੈ। ਭਾਰਤੀ ਕੌਂਸਲੇਟ ਮੂਹਰੇ ਹੋਣ ਵਾਲੇ ਇਸ ਪ੍ਰਦਰਸ਼ਨ ਕਰਕੇ ਉਨ੍ਹਾਂ ਵਲੋਂ ਕੌਂਸਲੇਟ ਦੀ ਰੁਟੀਨ ਫੇਰੀ ਦੀ ਯੋਜਨਾ ਬਣਾ ਰਹੇ ਭਾਰਤੀ-ਕੈਨੇਡੀਅਨਾਂ ਨੂੰ ਕੋਈ ਹੋਰ ਤਾਰੀਖ ਚੁਣਨ ਲਈ ਕਿਹਾ ਗਿਆ ਹੈ। ਜਾਰੀ ਕੀਤੇ ਗਏ ਪੋਸਟਰ ਵਿੱਚ ਨਵੇਂ ਭਾਰਤੀ ਹਾਈ ਕਮਿਸ਼ਨਰ, ਦਿਨੇਸ਼ ਪਟਨਾਇਕ ਦੇ ਚਿਹਰੇ 'ਤੇ ਨਿਸ਼ਾਨਾ ਬਣਾਇਆ ਹੋਇਆ ਹੈ। ਐਸਐਫਜੇ ਦੇ ਜਨਰਲ ਕੌਸਲ ਗੁਰਪਤਵੰਤ ਸਿੰਘ ਪਨੂੰ ਵਲੋਂ ਜਾਰੀ ਕੀਤੇ ਗਏ ਇੱਕ ਬਿਆਨ ਵਿੱਚ ਉਨ੍ਹਾਂ ਨੇ ਕੈਨੇਡਾ ਵਿਖ਼ੇ ਚਲ ਰਹੇ ਭਾਰਤੀ ਕੌਂਸਲੇਟਾਂ 'ਤੇ ਖਾਲਿਸਤਾਨੀਆਂ ਨੂੰ ਨਿਸ਼ਾਨਾ ਬਣਾ ਕੇ ਜਾਸੂਸੀ ਨੈੱਟਵਰਕ ਚਲਾਉਣ ਅਤੇ ਨਿਗਰਾਨੀ ਕਰਨ ਦਾ ਦੋਸ਼ ਲਗਾਇਆ ਹੈ । ਬਿਆਨ ਵਿੱਚ ਕਿਹਾ ਗਿਆ ਹੈ ਕਿ ਦੋ ਸਾਲ ਪਹਿਲਾਂ 18 ਸਤੰਬਰ 2023 ਨੂੰ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੰਸਦ ਨੂੰ ਦੱਸਿਆ ਸੀ ਕਿ ਹਰਦੀਪ ਸਿੰਘ ਨਿੱਝਰ ਦੇ ਕਤਲ ਵਿੱਚ ਭਾਰਤੀ ਏਜੰਟਾਂ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ। ਤੇ ਹੁਣ ਦੋ ਸਾਲ ਬਾਅਦ ਵੀ ਭਾਰਤੀ ਕੌਂਸਲੇਟ ਖਾਲਿਸਤਾਨ ਰੈਫਰੈਂਡਮ ਪ੍ਰਚਾਰਕਾਂ ਨੂੰ ਨਿਸ਼ਾਨਾ ਬਣਾ ਕੇ ਇੱਕ ਜਾਸੂਸੀ ਨੈੱਟਵਰਕ ਅਤੇ ਨਿਗਰਾਨੀ ਚਲਾ ਰਹੇ ਹਨ । ਉਨ੍ਹਾਂ ਦੋਸ਼ ਲਗਾਇਆ ਕਿ ਉਨ੍ਹਾਂ ਲਈ ਖ਼ਤਰਾ ਇੰਨਾ ਗੰਭੀਰ ਹੈ ਕਿ ਰਾਇਲ ਕੈਨੇਡੀਅਨ ਮਾਊਂਟੇਡ ਪੁਲਿਸ (ਆਰਸੀਐਮਪੀ) ਨੂੰ ਇੰਦਰਜੀਤ ਸਿੰਘ ਗੋਸਲ ਜਿਸਨੇ ਹਰਦੀਪ ਸਿੰਘ ਨਿੱਝਰ ਦੀ ਮੌਤ ਤੋਂ ਬਾਅਦ ਰੈਫਰੈਂਡਮ ਮੁਹਿੰਮ ਦੀ ਅਗਵਾਈ ਸੰਭਾਲੀ ਹੋਈ ਹੈ, ਨੂੰ "ਗਵਾਹ ਜਿਤਨੀ ਸੁਰੱਖਿਆ" ਦੇਣ ਦੀ ਪੇਸ਼ਕਸ਼ ਕਰਨੀ ਪਈ। ਉਨ੍ਹਾਂ ਦਾਅਵਾ ਕੀਤਾ ਕਿ ਇਸ "ਘੇਰਾਬੰਦੀ" ਰਾਹੀਂ, ਸਾਡਾ ਸਮੂਹ ਕੈਨੇਡੀਅਨ ਧਰਤੀ 'ਤੇ ਸਿੱਖਾਂ ਵਿਰੁੱਧ ਕੀਤੀ ਜਾ ਰਹੀ "ਜਾਸੂਸੀ ਅਤੇ ਡਰਾਉਣ-ਧਮਕਾਉਣ" ਲਈ "ਜਵਾਬਦੇਹੀ" ਦੀ ਮੰਗ ਕਰੇਗਾ। ਇਸ ਮੌਕੇ ਗੁਰੂਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ, ਮੈਂਬਰ ਭਾਈ ਨਰਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ ਖੈਰਾ, ਐਸਐਫਜੇ ਦੇ ਮਨਜਿੰਦਰ ਸਿੰਘ ਨੇ ਦਸਿਆ ਕਿ ਅਸੀਂ ਹਰ ਮਹੀਨੇ ਦੀ 18 ਤਰੀਕ ਜਿਸ ਦਿਨ ਭਾਈ ਨਿੱਝਰ ਨੂੰ ਸ਼ਹੀਦ ਕੀਤਾ ਗਿਆ ਸੀ, ਮੌਕੇ ਭਾਰਤੀ ਐੱਬੇਸੀ ਮੂਹਰੇ ਭਾਰੀ ਵਿਰੋਧ ਪ੍ਰਦਰਸ਼ਨ ਰਾਹੀਂ ਉਨ੍ਹਾਂ ਦੇ ਕਤਲ ਵਿਚ ਸ਼ਾਮਿਲ ਲੋਕਾਂ ਦੇ ਨਾਮ ਨਸ਼ਰ ਕਰਣ ਦੇ ਨਾਲ ਇੰਨ੍ਹਾ ਨੂੰ ਬੰਦ ਕਰਣ ਦੀ ਮੰਗ ਕਰਦੇ ਹਾਂ ਤੇ 18 ਸੰਤਬਰ ਨੂੰ ਕੈਨੇਡਾ ਦੇ ਤਤਕਾਲੀਨ ਪੀਐਮ ਟਰੂਡੋ ਨੇ ਸੰਸਦ ਵਿਚ ਭਾਈ ਨਿੱਝਰ ਦੇ ਕਤਲ ਵਿਚ ਭਾਰਤੀ ਏਜੰਟਾ ਦੇ ਹੱਥ ਹੋਣ ਦਾ ਜਿਕਰ ਕੀਤਾ ਸੀ, ਇਸ ਲਈ ਹੋਣ ਵਾਲੇ ਪ੍ਰਦਰਸ਼ਨ ਰਾਹੀਂ ਉਨ੍ਹਾਂ ਦੇ ਨਾਮ ਨਸ਼ਰ ਕਰਣ ਦੇ ਨਾਲ ਉਨ੍ਹਾਂ ਨੂੰ ਕੈਨੇਡੀਅਨ ਕਨੂੰਨ ਤਹਿਤ ਲਿਆਉਣ ਦੀ ਮੰਗ ਕੀਤੀ ਜਾਏਗੀ ।

## ਇੱਕ ਨਜ਼ਰ . . .



### ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਲਈ ਜਮਹੂਰੀਅਤ ਬਹਾਲ ਕਰੋ ਮਾਰਚ ਵਿਚ ਕੀਤੀ ਸਮੂਲੀਅਤ: ਦਿਓਲ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) : ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ 15 ਸਤੰਬਰ ਨੂੰ ਭਾਈ ਗੁਰਦਾਸ ਹਾਲ ਤੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਸਿੱਖ ਕੌਮ ਦੀ ਪਾਰਲੀਮੈਂਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਤੁਰੰਤ ਚੋਣਾਂ ਕਰਵਾਉਣ ਲਈ ਅੰਤਰਰਾਸ਼ਟਰੀ ਪੱਧਰ ਤੇ ਮਨਾਏ ਜਾਂਦੇ ਜਮਹੂਰੀਅਤ ਦਿਵਸ ਤੇ ਜਮਹੂਰੀਅਤ ਬਹਾਲ ਕਰੋ ਮਾਰਚ ਕੱਢਿਆ ਗਿਆ, ਜਿਸ ਵਿੱਚ ਸੰਗਤਾਂ ਨੇ ਵੱਡੀ ਪੱਧਰ ਤੇ ਸ਼ਮੂਲੀਅਤ ਕੀਤੀ। ਇਸ ਸਬੰਧੀ ਵਿਚਾਰ ਸਾਂਝੇ ਕਰਦਿਆਂ ਤਜਿੰਦਰ ਸਿੰਘ ਦਿਓਲ ਪੰਜਾਬ ਪ੍ਰਧਾਨ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕਿਹਾ ਕਿ ਪਿਛਲੇ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ 2011 ਵਿੱਚ ਹੋਈਆਂ ਸਨ ਅਤੇ 2015 ਵਿੱਚ ਚੁਣੇ ਹੋਏ ਮੈਂਬਰਾਂ ਦੀ ਮਿਆਦ ਖਤਮ ਹੋ ਗਈ ਸੀ ਉਸ ਤੋਂ ਬਾਅਦ ਹੁਣ ਤੱਕ ਬਾਦਲ ਅਕਾਲੀ ਦਲ ਕੇਂਦਰ ਦੀਆਂ ਹਿੰਦੂਤਵੀ ਸ਼ਕਤੀਆਂ ਨਾਲ ਮਿਲ ਕੇ ਸਿੱਖ ਦੀਆਂ ਭਾਵਨਾਵਾਂ ਨੂੰ ਕੁਚਲ ਕੇ ਜਬਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਉਤੇ ਕਾਬਜ ਹਨ। ਜਿਸ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਦਾ ਸਖਤੀ ਨਾਲ ਵਿਰੋਧ ਕਰੇਗੀ। ਇਸ ਸਮੇਂ ਜਤਿੰਦਰ ਸਿੰਘ ਥਿੰਦ ਸੀਨੀਅਰ ਮੀਤ ਪ੍ਰਧਾਨ ਯੂਥ ਵਿੰਗ ਪੰਜਾਬ, ਜਗਜੀਤ ਸਿੰਘ ਸ਼ੁਸ਼ਕ ਤਾਲਮੇਲ ਸਕੱਤਰ ਯੂਥ ਵਿੰਗ ਪੰਜਾਬ, ਸੰਦੀਪ ਸਿੰਘ ਖਾਲਸਾ ਟਾਂਡਾ, ਮਨਜਿੰਦਰ ਸਿੰਘ ਜੌਹਲ, ਬੀਬੀ ਰਾਜਵਿੰਦਰ ਕੌਰ ਬੁੱਲੋਵਾਲ, ਹਰਮੀਤ ਸਿੰਘ ਸੋਢੀ ਮੀਤ ਪ੍ਰਧਾਨ ਯੂਥ ਵਿੰਗ ਪੰਜਾਬ, ਜਸਵੀਰ ਸਿੰਘ, ਗੁਰਮੀਤ ਕੌਰ ਆਦਿ ਹਾਜ਼ਰ ਸਨ।

### ਨਨਕਾਣਾ ਸਾਹਿਬ ਉਸੇ ਤਰ੍ਹਾਂ ਪਵਿਤਰ ਹੈ ਜਿਵੇ ਕਿ ਹਿੰਦੂਆਂ ਲਈ ਅਯੋਧਿਆ ਮੁਸਲਮਾਨਾਂ ਲਈ ਮੱਕਾ: ਜਗਜੀਤ ਸਿੰਘ ਭੁੱਲਰ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) : ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਇਸ ਵਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਉਪਰ ਨਨਕਾਣਾ ਸਾਹਿਬ ਵਿੱਚ ਜਥਾ ਭੇਜਣ ਲਈ ਮਨਜ਼ੂਰੀ ਦਿੱਤੀ ਜਾਵੇ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਭਾਈ ਮਰਦਾਨਾ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਪਹਿਲਗਾਮ ਹਮਲੇ ਵਿੱਚ ਮਾਰੇ ਗਏ ਸੈਲਾਨੀਆਂ ਦੇ ਨਾਲ ਸਾਰੇ ਦੇਸ਼ ਨੂੰ ਦੁੱਖ ਹੈ, ਜੋ ਸਰਕਾਰ ਨੇ ਉਸ ਸਮੇਂ ਕੀਤਾ ਚੰਗਾ ਕੀਤਾ, ਸਰਕਾਰ ਨੇ ਸ਼ਹੀਦੀ ਗੁਰੂ ਅਰਜਨ ਦੇਵ ਜੀ ਅਤੇ ਮਹਾਰਾਜਾ ਰਣਜੀਤ ਸਿੰਘ ਬਰਸੀ ਦੇ ਉਪਰ ਜਾਣ ਵਾਲੇ ਜਥੇ ਵੀ ਪਾਕਿਸਤਾਨ ਵਾਸਤੇ ਕੈਂਸਲ ਕਰਤੇ ਉਸ ਤੋਂ ਉਪਰੰਤ ਕਿਸੇ ਨੇ ਵੀ ਇਹ ਨਹੀਂ ਕਿਹਾ ਵੀ ਨਵੰਬਰ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਮਨਾਇਆ ਜਾ ਰਿਹਾ ਹੈ ਉਸ ਤੇ ਜਥਾ ਭੇਜਣ ਲਈ ਪ੍ਰਵਾਨਗੀ ਦਿੱਤੀ ਜਾਵੇ। ਭਾਈ ਮਰਦਾਨਾ ਸੋਸਾਇਟੀ ਸ੍ਰੀ ਨਰਿੰਦਰ ਮੋਦੀ ਨੂੰ ਅਪੀਲ ਕਰਦੀ ਹੈ ਕਿ ਨਵੰਬਰ ਵਿਚ ਜਾਣ ਵਾਲੇ ਜਥੇ ਨੂੰ ਪ੍ਰਵਾਨਗੀ ਦਿੱਤੀ ਜਾਵੇ ਤਾਂ ਜੋ ਸਿੱਖ ਸੰਗਤ ਸਿਆਸਤ ਤੋਂ ਹੱਟਕੇ ਧਾਰਮਿਕ ਅਪਣੇ ਰੀਤੀ—ਰਿਵਾਜ ਦੀ ਪੂਰੇ ਕਰ ਸਕੇ। ਉਨ੍ਹਾਂ ਕਿਹਾ ਕਿ ਅਸੀਂ ਇਹ ਨਹੀਂ ਕਹਿੰਦੇ ਕਿ ਮੈਚ ਹੋ ਰਹੇ ਹਨ, ਕੈਦੀ ਛੱਡੇ ਜਾ ਰਹੇ ਹਨ ਜੋ ਸਰਕਾਰ ਕਰੇ ਠੀਕ ਪਰ ਨਨਕਾਣਾ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਸਥਾਨ ਹੈ ਇਹ ਉਹ ਸਥਾਨ ਹੈ ਜਿਵੇਂ ਕਿ ਹਿੰਦੂਆਂ ਨੂੰ ਅਯੋਧਿਆ ਪਵਿੱਤਰ ਹੈ, ਮੁਸਲਮਾਨਾਂ ਨੂੰ ਮਕਾ ਕਾਬਾ ਅਤੇ ਸਿੱਖਾਂ ਨੂੰ ਨਨਕਾਣਾ ਸਾਹਿਬ ਪਵਿੱਤਰ ਹੈ ਸੋ ਇਨ੍ਹਾਂ ਭਾਵਨਾ ਨੂੰ ਦੇਖਦੇ ਹੋਏ ਸ਼੍ਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਹ ਜਥਾ ਨੂੰ ਪ੍ਰਵਾਨਗੀ ਦਿੱਤੀ ਜਾਵੇ ਤਾਂ ਜੋ ਸਿੱਖ ਸੰਗਤ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਨਨਕਾਣਾ ਸਾਹਿਬ ਦੇ ਦਰਸ਼ਨ ਕਰ ਸਕਣ। ਇਸ ਮੌਕੇ ਰਣਜੀਤ ਸਿੰਘ ਰਾਣਾ, ਮਨਜੀਤ ਸਿੰਘ ਔਲਕ, ਹਰਜੀਤ ਸਿੰਘ ਧਾਲੀਵਾਲ, ਗੁਰਦਿਆਲ ਸਿੰਘ ਵਿਰਕ, ਹਰਜੇਸ਼ ਕੁਮਾਰ, ਨਿਰਮਲ ਸਿੰਘ, ਇੰਦਰ ਪਾਲ ਸਿੰਘ ਪ੍ਰਿੰਸ ਗੁਰਮੀਤ ਸਿੰਘ ਔਲਖ, ਬੱਬੂ ਹੁਸੈਨੀ ਵਾਲਾ, ਹਰਦੀਪ ਸਿੰਘ ਸਰਪੰਚ ਆਦਿ ਹਾਜ਼ਰ ਸਨ।



### ਭਾਰਤੀ ਕਮਿਊਨਿਸਟ ਪਾਰਟੀ ਦੀ ਹੋਈ ਹੰਗਾਮੀ ਮੀਟਿੰਗ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) :— ਭਾਰਤੀ ਕਮਿਊਨਿਸਟ ਪਾਰਟੀ ਬਲਾਕ ਫਿਰੋਜ਼ਪੁਰ ਦੀ ਹੰਗਾਮੀ ਮੀਟਿੰਗ ਸਾਥੀ ਪ੍ਰਵੇਸ਼ ਕੁਮਾਰ ਸਿਡਾਨਾ ਦੀ ਪ੍ਰਧਾਨਗੀ ਹੇਠ ਕਾਮਰੇਡ ਜਰਨੈਲ ਸਿੰਘ ਭਵਨ ਬੱਸ ਸਟੈਂਡ ਫਿਰੋਜ਼ਪੁਰ ਸ਼ਹਿਰ ਵਿਖੇ ਹੋਈ। ਮੀਟਿੰਗ ਵਿੱਚ ਕਾਮਰੇਡ ਜਰਨੈਲ ਸਿੰਘ (ਡਾਕਟਰ), ਵਿਜੇ ਕੁਮਾਰ ਸ਼ਰਮਾ ਪਿਛਲੇ ਸਮੇਂ ਦੌਰਾਨ ਵਿਛੜ ਗਏ ਹੋਰਨਾਂ ਸਾਥੀਆਂ, ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ, ਇਜ਼ਰਾਈਲ ਵਲੋਂ ਕਤਲ ਕੀਤੇ ਗਏ ਬੇਦੋਸ਼ੇ ਫ਼ਲਸਤੀਨੀ ਲੋਕਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਦਿੱਤ ਸਿੰਘ ਸਿੱਧੂ ਬਲਾਕ ਸਕੱਤਰ ਸੀਪੀ.ਆਈ ਫ਼ਿਰੋਜ਼ਪੁਰ ਨੇ ਦੱਸਿਆ ਕਿ 21 ਸਤੰਬਰ ਨੂੰ ਮੋਹਾਲੀ ਵਿਖੇ ਹੋ ਰਹੀ ਰੈਲੀ ਦੀ ਤਿਆਰੀ ਸਬੰਧੀ ਵਿਚਾਰ—ਵਟਾਂਦਰਾ ਕੀਤਾ ਗਿਆ। ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਰੈਲੀ ਵਿਚ ਵੱਡੀ ਗਿਣਤੀ ਸਾਥੀ ਪਹੁੰਚਣਗੇ। ਮੀਟਿੰਗ ਵਿੱਚ ਬਲਾਕ ਸਕੱਤਰ ਫਿਰੋਜ਼ਪੁਰ ਸਾਥੀ ਗੁਰਦਿੱਤ ਸਿੰਘ ਸਿੱਧੂ, ਪ੍ਰਵੇਸ਼ ਕੁਮਾਰ ਸਿਡਾਨਾ, ਜਗਦੇਵ ਸਿੰਘ, ਹਰਚੰਦ ਸਿੰਘ, ਲੱਖਾ ਸਿੰਘ, ਵੇਦ ਮਸੀਹ, ਰਮੇਸ਼ ਚੰਦ ਸ਼ਰਮਾ, ਓਮ ਪ੍ਰਕਾਸ਼ ਅਤੇ ਹੋਰ ਸੀਨੀਅਰ ਸਾਥੀ ਹਾਜ਼ਰ ਹੋਏ।

### ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਮੱਦਦ ਲਈ ਅੱਜ ਹੋਵੇਗੀ ਸਮਾਜ ਸੇਵੀਆਂ ਦੀ ਮੀਟਿੰਗ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) :— ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਕਰ ਰਹੀਆਂ ਸੰਸਥਾਵਾਂ, ਹੜ੍ਹਾ ਨਾਲ ਪ੍ਰਭਾਵਿਤ ਉਨ੍ਹਾਂ ਪਿੰਡ ਦੇ ਮੋਹਤਬਾਰ ਨੁਮਾਇੰਦੇ ਅਤੇ ਸੁਚੱਜੀ ਵਿਉਂਤਬੰਦੀ ਦੇ ਮਾਹਿਰ (ਤਾਲਮੇਲ ਸੰਗਠਨ) ਸੇਵਾਦਾਰਾਂ ਦੀ ਇਕ ਹੰਗਾਮੀ ਮੀਟਿੰਗ ਅੱਜ ਗੁਰਦੁਆਰਾ ਬਾਬਾ ਰਾਮ ਲਾਲ ਪਿੰਡ ਆਰਿਫਕੇ ਵਿਖੇ ਕੀਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਇਸ ਮੀਟਿੰਗ ਵਿਚ ਵੱਡੀ ਗਿਣਤੀ ਸਮਾਜ ਸੇਵੀ ਜਥੇਬੰਦੀਆਂ ਦੇ ਆਗੂਆਂ ਨੂੰ ਪਹੁੰਚਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿਚ ਆਪਸੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਕਿ ਹਰ ਇੱਕ ਪਿੰਡ, ਵਸਤੀ, ਘਰ, ਦੁਕਾਨਦਾਰ ਦੇ ਹੋਏ ਨੁਕਸਾਨ ਦੀ ਪੂਰਤੀ ਲਈ ਢੁਕਵੀਂ ਵਿਉਂਤਬੰਦੀ ਬਣਾਈ ਜਾਵੇ, ਜਿਸ ਨਾਲ ਸੇਵਾ ਕਰ ਰਹੀਆਂ ਸੰਸਥਾਵਾਂ ਅਤੇ ਪੀੜਤ ਲੋਕਾਂ ਨੂੰ ਪੂਰਨ ਸਹਿਯੋਗ ਅਤੇ ਬਣਦੀ ਰਾਹਤ ਮਿਲ ਸਕੇ।

## ਭਾਈ ਸੰਦੀਪ ਸਿੰਘ ਸਨੀ ਨੂੰ ਇਨਸਾਫ ਦਿਵਾਉਣ ਲਈ

# ਪਟਿਆਲਾ ਜੇਲ ਅੱਗੇ ਚਲ ਰਿਹਾ ਅਣਮਿੱਥੇ ਸਮੇਂ ਲਈ ਧਰਨਾ ਸਨੀ ਦੇ ਭਰਾਵਾਂ ਮਨਦੀਪ ਸਿੰਘ ਅਤੇ ਹਰਦੀਪ ਸਿੰਘ ਦੀ ਸਲਾਹ ਤੇ ਕੀਤਾ ਸਮਾਪਤ

ਭਾਈ ਸੰਦੀਪ ਸਿੰਘ ਸਨੀ ਨੂੰ ਇਨਸਾਫ ਦਿਵਾਉਣ ਲਈ ਦੋ ਦਿਨ ਤੋਂ ਪਟਿਆਲਾ ਜੇਲ ਅੱਗੇ ਚਲ ਰਿਹਾ ਅਣਮਿੱਥੇ ਸਮੇਂ ਲਈ ਲਗਾਇਆ ਧਰਨਾ ਸਿੱਖ ਜਥੇਬੰਦੀਆਂ ਨੇ ਸਨੀ ਦੇ ਭਰਾਵਾਂ ਮਨਦੀਪ ਸਿੰਘ ਅਤੇ ਹਰਦੀਪ ਸਿੰਘ ਦੀ ਸਲਾਹ ਨਾਲ ਸਾਂਮ 7 ਵਜੇ ਸਮਾਪਤ ਕਰ ਦਿੱਤਾ ਹੈ। ਕਿਉਂਕਿ ਸਾਡੀਆਂ ਦੋ ਮੰਗਾਂ ਵਿੱਚੋਂ ਇੱਕ ਸਨੀ ਨਾਲ ਭਰਾਵਾਂ ਦੀ ਮੁਲਾਕਾਤ ਕਰਵਾਉਣ ਲਈ ਸੀ।ਕਲ੍ਹ ਸ਼ਾਮ ਨੂੰ ਭਾਈ ਸਨੀ ਨੂੰ ਸੰਗਰੂਰ ਜੇਲ ਵਿਚ ਤਬਦੀਲੀ ਕਰ ਦੇਣ ਪਿੱਛੋਂ ਅੱਜ ਦੋਵੇਂ ਭਰਾਵਾਂ ਨੇ ਆਪਣੇ ਵੀਰ ਸਨੀ ਨਾਲ ਸੰਗਰੂਰ ਜੇਲ ਵਿੱਚ ਐਡਵੋਕੇਟ ਘੁੰਮਣ ਭਰਾਵਾਂ ਨਾਲ ਜਾ ਕੇ ਮੁਲਾਕਾਤ ਕੀਤੀ ਹੈ।ਦੂਜੀ ਮੰਗ ਭਾਈ ਸਨੀ ਦਾ ਸਿਵਲ ਹਸਪਤਾਲ ਸੰਗਰੂਰ ਤੋਂ ਇਲਾਜ ਕਰਵਾਉਣ ਲਈ ਐਸ ਐਮ ਓ ਸੰਗਰੂਰ ਦੀ ਅਗਵਾਈ ਵਿੱਚ ਤਿੰਨ ਡਾਕਟਰਾਂ ਦਾ ਬੋਰਡ ਬਣਾ ਦਿੱਤਾ ਗਿਆ ਹੈ। ਅਤੇ ਅੱਜ ਤੋਂ ਭਾਈ ਸਾਹਿਬ ਦਾ ਇਲਾਜ ਵੀ ਸ਼ੁਰੂ ਹੋ ਗਿਆ ਹੈ ਸ਼ਾਮ ਨੂੰ ਪੰਜ ਵਜੇ ਮੈਂ ਅਤੇ ਪੰਜੋਲੀ ਸਾਹਿਬ ਜਦੋਂ ਪਟਿਆਲਾ ਤੋਂ ਵਾਪਸ ਆ ਰਹੇ ਸੀ ਤਾਂ ਬਾਪੂ ਗੁਰਚਰਨ ਸਿੰਘ ਜੀ ਹਵਾਰਾ ਨੇ ਸਾਡੇ ਨਾਲ ਧਰਨਾ ਚੁੱਕਣ ਸਬੰਧੀ ਸਲਾਹ ਕੀਤੀ ਸੀ। ਕਿਉਂਕਿ ਉਸ ਸਮੇਂ ਜ਼ਾਲਮ ਪੁਲਿਸ ਅਫਸਰ ਸੂਬੇ ਦੀ ਮੌਤ ਦੀ ਖ਼ਬਰ ਵੀ ਆ ਚੁੱਕੀ ਸੀ ਇਸ ਧਰਨੇ ਵਿੱਚ ਕੌਮੀ ਇਨਸਾਫ਼ ਮੋਰਚੇ ਵਲੋਂ ਭਾਈ ਸਨੀ ਦੀ ਤਸਵੀਰ ਵਾਲੀਆਂ ਸੈਂਕੜੇ ਤਖਤੀਆਂ,ਬੈਨਰ ਅਤੇ ਝੰਡੀਆਂ ਦਾ ਇੰਤਜ਼ਾਮ ਕੀਤਾ ਗਿਆ। ਮੋਰਚੇ ਵਲੋਂ ਬਾਪੂ ਗੁਰਚਰਨ ਸਿੰਘ, ਸੰਘਰਸ਼ੀ ਯੋਧਾ ਭਾਈ ਬਲਜੀਤ ਸਿੰਘ ਭਾਊ ,ਪਾਲ ਸਿੰਘ ਘੜੂੰਆਂ, ਭਾਈ ਬਲਵਿੰਦਰ ਸਿੰਘ ਕਾਲਾ ਝਾੜ ਸਾਹਿਬ,ਗੁਰਜੰਟ ਸਿੰਘ, ਸਮੇਤ ਦਰਜਨਾ ਆਗੂ ਹਾਜ਼ਰ ਰਹੇ। ਬਠਿੰਡਾ ਤੋਂ ਬਾਬਾ ਹਰਦੀਪ ਸਿੰਘ ਮਹਿਰਾਜ, ਭਾਈ ਰਾਮ ਸਿੰਘ ਭੁੱਲਰ, ਗੁਰਦੀਪ ਸਿੰਘ ਬਠਿੰਡਾ, ਜਤਿੰਦਰ ਸਿੰਘ ਈਸੜੂ ਆਦਿ ਆਗੂ ਹਾਜਰ ਰਹੇ। ਹਰਿਆਣਾ ਤੋਂ ਵਾਟਰ ਕੇਵਲ ਵਾਲਾ ਮਨਦੀਪ ਸਿੰਘ ਹਾਜ਼ਰ ਸੀ। ਵਾਰਿਸ ਪੰਜਾਬ ਅਕਾਲੀ ਦਲ ਤੋ ਪ੍ਰੋਫੈਸਰ ਸਤਨਾਮ ਕੌਰ, ਬੀਬੀ ਜਸਵੰਤ ਕੌਰ ਘੁੜਾਮ, ਲਖਵੀਰ ਸਿੰਘ ਕੋਟਲਾ, ਜਥੇਦਾਰ ਲਖਵੀਰ ਸਿੰਘ ਸ਼ੌਂਟੀ , ਸਮੇਤ 50-60 ਆਗੂ ਹਾਜ਼ਰ ਸਨ। ਵੰਗਾਰ ਮੀਡੀਏ ਤੋਂ ਬੀਬੀ ਸੰਦੀਪ ਕੌਰ ਅਤੇ ਭਾਈ ਬਲਜੀਤ ਸਿੰਘ ਖਾਲਸਾ, ਭਾਈ ਸੁਖਜੀਤ ਸਿੰਘ ਖੋਸੇ, ਭਾਈ ਬਗੀਚਾ ਸਿੰਘ ਰੱਤਾ ਖੇੜਾ, ਅਤੇ ਸਮਾਣਾ ਤੋਂ ਭਾਈ ਤਲਵਿੰਦਰ ਸਿੰਘ ਔਲਖ ਹਾਜ਼ਰ ਰਹੇ।ਰਾਜਪੁਰਾ ਤੋਂ ਜਥੇਦਾਰ ਪਰਵਾਨਾ ਜੀ।ਜਥੇਦਾਰ ਕਰਨੈਲ ਸਿੰਘ ਪੰਜੋਲੀ, ਨਵੇਂ ਅਕਾਲੀ ਦਲ ਦੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਰਣਧੀਰ ਸਿੰਘ ਰੱਖੜਾ ਵੀ ਪਹੁੰਚੇ। ਪ੍ਰੇਮ ਸਿੰਘ ਚੰਦੂਮਾਜਰਾ ਨੇ ਜੇਲ ਮੰਤਰੀ ਲਾਲਜੀਤ ਸਿੰਘ ਭੁੱਲਰ ਨਾਲ ਦੋ ਵਾਰ ਗੱਲਬਾਤ ਕੀਤੀ।ਪਰ ਅੱਗਿਓਂ ਭੁੱਲਰ ਕੋਈ ਤਸੱਲੀ ਨਹੀਂ ਕਰਵਾ ਸਕਿਆ।ਅਕਾਲੀ ਦਲ (ਅ)ਈਮਾਨ ਸਿੰਘ ਮਾਨ, ਪ੍ਰੋਫੈਸਰ ਮਹਿੰਦਰ ਪਾਲ ਸਿੰਘ, ਹਰਭਜਨ ਸਿੰਘ ਕਸ਼ਮੀਰੀ, ਆਦਿ ਆਗੂ ਵਕਾਰ ਦਾ ਸਵਾਲ ਬਣਾ ਕੇ ਗਰਮ ਸੜਕ ਉਤੇ ਡਟੇ ਰਹੇ।ਪਰਸੋਂ ਦੁਪਹਿਰ 12 ਵਜੇ ਸਿੱਖ ਜਥੇਬੰਦੀਆਂ ਦੁਖ ਨਿਵਾਰਨ ਸਾਹਿਬ ਤੋਂ 3 ਕਿਲੋਮੀਟਰ ਦੂਰ ਜੇਲ ਤੱਕ ਕਾਫਲੇ ਦੇ ਰੂਪ ਵਿੱਚ ਪੈਦਲ ਗਈਆਂ ਸੀ। ਕੌਮ ਦੇ ਵਕਾਰ ਦਾ ਸਵਾਲ ਬਣਾ ਕੇ ਇਸ ਮੋਰਚੇ ਵਿੱਚ ਲਗਾਤਾਰ ਡਟੀਆਂ ਰਹੀਆਂ 500 ਸੰਗਤਾਂ ਤੋਂ ਬਗੈਰ 500 ਦੇ ਲਗਭਗ ਉਹ ਵੀ ਸਿੱਖ ਸਨ। ਜਿਹੜੇ ਸਿੱਖ ਦੋ ਚਾਰ ਜਾਂ ਪੰਜ ਸਤ ਘੰਟੇ ਹਾਜ਼ਰੀ ਭਰਦੇ ਰਹੇ ਮੈਂ ਆਪਣੇ ਖੁਦ ਵਲੋਂ ਸੰਦੀਪ ਸਿੰਘ ਦੇ ਭਰਾਵਾਂ, ਭਾਈ ਮਨਦੀਪ ਸਿੰਘ, ਭਾਈ ਹਰਦੀਪ ਸਿੰਘ, ਜਥੇਦਾਰ ਕਰਨੈਲ ਸਿੰਘ ਪੰਜੋਲੀ,ਬਾਪੂ ਗੁਰਚਰਨ ਸਿੰਘ ਹਵਾਰਾ , ਵਲੋਂ ਪੰਥ ਦਰਦੀਆਂ ਦਾ ਧੰਨਵਾਦ ਕਰਦੇ ਹਾਂ। ਅਤੇ ਭਾਈ ਸੰਦੀਪ ਸਿੰਘ ਸਨੀ ਦੀ ਚੜ੍ਹਦੀ ਕਲਾ ਲਈ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ। ਕਿਸੇ ਪੰਥ ਦਰਦੀ ਦਾ ਨਾਓਂ ਲਿਖਣ ਤੋਂ ਰਹਿ ਗਿਆ ਹੋਵੇ ਤਾਂ ਗਲਤੀ ਦੀ ਖਿਮਾ ਦਿਓ। ਲੰਗਰ ਪਾਣੀ ਦਾ ਇੰਤਜ਼ਾਮ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਤੋਂ ਕੀਤਾ ਗਿਆ ਸੀ।ਪਰ ਬਾਦਲ ਅਕਾਲੀ ਦਲ ਅਤੇ ਬਾਦਲ ਧੜੇ ਨਾਲ ਸਬੰਧਤ ਸ਼੍ਰੋਮਣੀ ਕਮੇਟੀ ਮੈਂਬਰਾਂ ਵਿਚੋਂ ਕੋਈ ਵੀ ਇਸ ਮੋਰਚੇ ਵਿੱਚ ਸ਼ਾਮਲ ਨਹੀਂ ਹੋਇਆ। ਇਸ ਮੋਰਚੇ ਨਾਲ ਸਬੰਧਤ ਕੁਝ ਅਹਿਮ ਤੱਥ ਕਲ੍ਹ ਨੂੰ ਪੰਥ ਨਾਲ ਸਾਂਝੇ ਕਰਾਂਗੇ।ਬਾਕੀ ਹੋਰ ਵੀ ਦੋ ਜਾਣਕਾਰੀ ਇਸ ਕੇਸ ਸਬੰਧੀ ਮਿਲੀ ਉਹ ਵੀ।

ਸਿੱਖ ਪੰਥ ਦਾ ਦਾਸ

**ਅਮਰਜੀਤ ਸਿੰਘ ਬਡਗੁਜਰਾਂ**



# ਊਧਮ ਸਿੰਘ ਨਗਰ ਗੁਰੂ ਨਾਨਕ ਦਰਬਾਰ ਗੁਰਦੁਆਰਾ ਵਿਖੇ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ

ਤਲਵੰਡੀ ਸਾਬੋ, 17 ਸਤੰਬਰ (ਗੁਰਜੰਟ ਸਿੰਘ ਨਥੇਹਾ)- ਊਧਮ ਸਿੰਘ ਨਗਰ ਦੇ ਗੁਰੂ ਨਾਨਕ ਦਰਬਾਰ ਗੁਰਦੁਆਰਾ ਵਿਖੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ ਜਿਸ ਵਿੱਚ ਮੱਲੀ ਅੱਖਾਂ ਦਾ ਹਸਪਤਾਲ ਅਤੇ ਕਾਲੜਾ ਹਸਪਤਾਲ ਤੋਂ ਡਾਕਟਰ ਚਰਨਜੀਤ ਸਿੰਘ, ਗਗਨ ਗਰਗ, ਖੁਸ਼ਦੀਪ ਸਿੰਘ ਅਤੇ ਪੀ.ਆਰ.ਓ ਪ੍ਰੇਮ ਸਿੰਘ ਦੀ ਟੀਮ ਨੇ ਲਗਭਗ 200 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦੀ ਚੈੱਕ ਅਪ ਕੀਤੀ ਗਈ ਅਤੇ ਲਗਭਗ 50 ਤੋਂ 60 ਚਿੱਟੇ ਮੋਤੀਏ ਦੇ ਮਰੀਜਾਂ ਨੂੰ ਅਪਰੇਸ਼ਨ ਕਰਾਉਣ ਲਈ ਸਲਾਹ ਦਿੱਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਆਈ ਮੱਲ੍ਹੀ ਹਸਪਤਾਲ ਦੇ ਡਾਕਟਰ ਚਰਨਜੀਤ ਸਿੰਘ ਨੇ ਦੱਸਿਆ ਕਿ ਅੱਜ ਊਧਮ ਸਿੰਘ ਨਗਰ ਦੇ ਗੁਰੂ ਨਾਨਕ ਦਰਬਾਰ ਗੁਰਦੁਆਰਾ ਵਿਖੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸ. ਅਜੈਬ ਸਿੰਘ ਬਰਾੜ, ਐਸਐਚਓ ਪਰਮਜੀਤ ਸਿੰਘ, ਹੈਡ ਗ੍ਰੰਥੀ ਭਾਈ ਜਸਵੀਰ ਸਿੰਘ, ਡਾਕਟਰ ਬਲਜਿੰਦਰ ਸਿੰਘ ਧਾਲੀਵਾਲ ਅਤੇ ਡਾਕਟਰ ਰਣਜੀਤ ਸਿੰਘ ਜੀਆਂ ਦੇ ਸਹਿਯੋਗ ਨਾਲ ਕੈਂਪ ਲਗਾਇਆ ਗਿਆ ਸੀ ਜਿਸ ਵਿੱਚ ਚੈੱਕਅਪ ਦੇ ਨਾਲ-ਨਾਲ ਮੁਫਤ ਦਵਾਈਆਂ ਅਤੇ ਐਨਕਾਂ ਵੰਡੀਆਂ ਗਈਆਂ। ਉਹਨਾਂ ਕਿਹਾ ਕਿ ਕੈਂਪ ਵਿਚ ਚਿੱਟੇ ਮੋਤੀਏ ਦੇ 50 ਤੋਂ 60 ਦੇ ਕਰੀਬ ਪੀੜਿਤ ਮਰੀਜਾਂ ਦੇ ਵਾਜਬ ਕੀਮਤ ਤੇ ਅਪਰੇਸ਼ਨ ਕੀਤੇ ਜਾਣਗੇ। ਉਹਨਾਂ ਅਪੀਲ ਕਰਦਿਆਂ ਕਿਹਾ ਕਿ ਸਭਨੂੰ ਸੰਤੁਲਿਤ ਖੁਰਾਕ ਖਾਣੀ ਚਾਹੀਦੀ ਹੈ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਚੈੱਕਅਪ ਕਰਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਚਿੱਟੇ ਮੋਤੀਏ ਦਾ ਇਲਾਜ ਬਹੁਤ ਸਰਲ ਤੇ ਆਸਾਨ ਤਰੀਕੇ ਨਾਲ ਸਸਤੇ ਰੇਟਾਂ ਕੀਤਾ ਜਾ ਰਿਹਾ ਹੈ ਇਸਦਾ ਲਾਭ ਉਠਾਇਆ ਜਾ ਸਕਦਾ ਹੈ। ਇਸ ਮੌਕੇ ਕਲੱਬ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਜਿੱਥੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ ਉਥੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



# ਨਿਸ਼ਕਾਮ ਸੇਵਾ ਟੀਮ ਦਿੱਲੀ ਵੱਲੋਂ ਹੜ੍ਹ ਪੀੜਤਾਂ ਲਈ ਫੀਡ ਦੀ ਸੇਵਾ ਕੀਤੀ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) :— ਨਿਸ਼ਕਾਮ ਸੇਵਾ ਟੀਮ ਦਿੱਲੀ ਵੱਲੋਂ ਹੜ੍ਹ ਪੀੜਤਾਂ ਲਈ ਫੀਡ ਦੀ ਸੇਵਾ ਕੀਤੀ, ਫਿਰ ਨਿਸ਼ਕਾਮ ਸੇਵਾ ਟੀਮ ਦਿੱਲੀ ਵੱਲੋਂ ਹੜ੍ਹ ਪੀੜਤਾਂ ਲਈ ਫੀਡ ਲੈ ਕੇ ਆਏ, ਉਨ੍ਹਾਂ ਮਿਸਲ ਸਤਲੁਜ਼ ਨਾਲ ਸ: ਮਾਨ ਸਿੰਘ ਜ਼ਿਲ੍ਹਾ ਯੂਥ ਪ੍ਰਧਾਨ ਮਿਸਲ ਸਤਲੁਜ਼ ਜਿਹੜੇ ਕਿ ਪਹਿਲਾਂ ਹੀ ਹੜ੍ਹ ਪੀੜਤਾਂ ਲਈ ਕੈਂਪ ਲਾਇਆ ਹੋਇਆ ਹੈ, ਉਨ੍ਹਾਂ ਕੋਲ ਵੰਡਣ ਲਈ ਫੀਡ ਲੈ ਕੇ ਆਏ ਅਤੇ ਸ: ਮਾਨ ਸਿੰਘ ਉਨ੍ਹਾਂ ਨੂੰ ਨਾਲ ਲੈ ਕੇ ਪਿੰਡ ਨਿਹਾਲਾ ਲਵੇਰਾ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਹੜ੍ਹ ਪੀੜਤ ਲੋਕਾਂ ਨੂੰ ਪਸ਼ੂਆਂ ਲਈ ਫੀਡ ਵੰਡੀ ਅਤੇ ਰਾਸ਼ਨ ਵੰਡਿਆ। ਇਸ ਮੌਕੇ ਤੇ ਨਿਸ਼ਕਾਮ ਸੇਵਾ ਟੀਮ ਵੱਲੋਂ ਕਿਹਾ ਕਿ ਸਾਨੂੰ ਬਹੁਤ ਦੁੱਖ ਹੋਇਆ ਹੈ ਕਿ ਲੋਕ ਹੜ੍ਹਾਂ ਦੀ ਮਾਰ ਨਾਲ ਮੁਸੀਬਤਾਂ ਝੱਲ ਰਹੇ ਹਨ, ਵਾਹਿਗੁਰੂ ਕ੍ਰਿਪਾ ਕਰਨ ਕਿ ਉਹ ਜਲਦੀ ਹੀ ਇਨ੍ਹਾਂ ਹੜ੍ਹਾਂ ਤੋਂ ਰਾਹਤ ਦੇਣ। ਇਸ ਮੌਕੇ ਤੇ ਉਨ੍ਹਾਂ ਮਿਸਲ ਸਤਲੁਜ਼ ਦੇ ਸ: ਮਾਨ ਸਿੰਘ ਯੂਥ ਪ੍ਰਧਾਨ ਮਿਸਲ ਸਤਲੁਜ਼ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਸਾਡੇ ਨਾਲ ਘਰ—ਘਰ ਜਾ ਕੇ ਪਸ਼ੂਆਂ ਲਈ ਫੀਡ ਅਤੇ ਰਾਸ਼ਨ ਵੰਡਿਆ। ਇਸ ਮੌਕੇ ਤੇ ਸ: ਮਾਨ ਸਿੰਘ ਯੂਥ ਪ੍ਰਧਾਨ ਸਤਲੁਜ਼ ਨੇ ਕਿਹਾ ਕਿ ਅਸੀਂ 24 ਅਗਸਤ ਤੋਂ ਹੀ ਹੜ੍ਹ ਪੀੜਤਾਂ ਲਈ ਮੋਰਚਾ ਲਾਇਆ ਹੋਇਆ ਹੈ ਅਤੇ ਗੁਰੂ ਦੀ ਕ੍ਰਿਪਾ ਨਾਲ ਅਸੀਂ ਹੜ੍ਹ ਪੀੜਤਾਂ ਲਈ ਦਵਾਈਆਂ, ਰਾਸ਼ਨ, ਫੀਡ ਅਤੇ ਪਾਣੀ ਦੀ ਬੋਤਲਾਂ ਆਦਿ ਹੜ੍ਹ ਪੀੜਤਾਂ ਨੂੰ ਵੰਡ ਰਹੇ ਹਾਂ। ਇਸ ਮੌਕੇ ਤੇ ਸਾਡੇ ਨਾਲ ਅਜੈਪਾਲ ਸਿੰਘ ਬਰਾੜ ਪੰਜਾਬ ਪ੍ਰਧਾਨ ਮਿਸਲ ਸਤਲੁਜ਼ ਅਤੇ ਦਵਿੰਦਰ ਸਿੰਘ ਸੇਖੋਂ ਸਕੱਤਰ ਤੋਂ ਇਲਾਵਾ ਸਾਡੀ ਪੂਰੀ ਟੀਮ ਵਰਕ ਕਰ ਰਹੀ ਹੈ। ਸ: ਮਾਨ ਸਿੰਘ ਪ੍ਰਧਾਨ ਨੇ ਕਿਹਾ ਕਿ ਅਸੀਂ ਹਰ ਪਿੰਡ—ਪਿੰਡ ਦੀ ਲਿਸਟ ਤਿਆਰ ਕੀਤੀ ਹੋਈ ਹੈ ਅਤੇ ਜਿਸ ਪਿੰਡ ਨੂੰ ਜਿਹੜੀ ਚੀਜ ਦੀ ਲੋੜ ਹੈ, ਉਹ ਅਸੀਂ ਹੜ੍ਹ ਪੀੜਤਾਂ ਲਈ ਪਹੁੰਚਾ ਰਹੇ ਹਾਂ।





## ਇੱਕ ਨਜ਼ਰ ...




### ਐਂਟੀ ਕਰਪਸ਼ਨ ਫਾਉਂਡੇਸ਼ਨ ਦੀ ਫ਼ਿਰੋਜ਼ਪੁਰ ਵਿਖੇ ਹੋਈ ਮੀਟਿੰਗ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) :— ਐਂਟੀ ਕਰਪਸ਼ਨ ਫਾਊਂਡੇਸ਼ਨ ਆਫ ਇੰਡੀਆ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਮੀਟਿੰਗ ਫ਼ਿਰੋਜ਼ਪੁਰ ਵਿਖੇ ਕੀਤੀ ਗਈ। ਇਸ ਮੀਟਿੰਗ ਵਿਚ ਕਰਪਸ਼ਨ ਨੂੰ ਠੱਲ ਪਾਉਣ ਲਈ ਵਿਚਾਰ—ਵਟਾਂਦਰਾ ਕੀਤਾ ਗਿਆ, ਜਿਸ ਉਪਰੰਤ ਕਰਪਸ਼ਨ ਤੇ ਠੱਲ ਪਾਉਣ ਲਈ ਵਿਉਂਤਬੰਦੀ ਵੀ ਕੀਤੀ ਗਈ। ਇਸ ਦੌਰਾਨ ਬੋਲਦਿਆਂ ਨੈਸ਼ਨਲ ਚੀਫ ਡਾਰੈਕਟਰ ਸ੍ਰੀ ਐਲਵਨ ਭੱਟੀ, ਡਿਸਟਰਕ ਡਾਇਰੈਕਟਰ ਅੰਗਰੇਜ ਸਿੰਘ ਆਲ ਮੈਂਬਰ ਹਾਜ਼ਰ ਰਹੇ। ਇਸ ਦੌਰਾਨ ਫਿਰੋਜ਼ਪੁਰ ਦੇ ਸਕੂਲਾਂ ਅੰਦਰ ਇੰਟੀਗਰੇਟਿਵ ਪਲੈਜ ਕਰਪਸ਼ਨ ਨੂੰ ਠੱਲ ਪਾਉਣ ਲਈ ਚੁਕਵਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ। ਪੰਜਾਬ ਸਰਕਾਰ ਦੀ ਜ਼ੀਰੋ ਟੋਲਰ ਕਰਪਸ਼ਨ ਦੀ ਪੋਲਿਸੀ ਅਨੁਸਾਰ ਅਵੇਅਰ ਕੀਤਾ ਗਿਆ। ਇਸ ਲਈ ਜ਼ਿਲ੍ਹਾ ਪੱਧਰ ਦਾ ਵਟਸਐਪ ਨੰਬਰ ਆਮ ਪਬਲਿਕ ਨੂੰ ਸ਼ਿਕਾਇਤ ਸਬੰਧੀ ਸਮੇਤ ਸਬੂਤ  ਕੀਤਾ ਜਾ ਸਕਦਾ ਹੈ। ਇਸ ਮੁਹਿਮ ਅਧੀਨ ਫਿਰੋਜ਼ਪੁਰ ਦੇ ਵੱਧ ਤੋਂ ਵੱਧ ਮੈਂਬਰਾਂ ਨੂੰ ਜੋੜਨ ਦੀ ਬੇਨਤੀ ਵੀ ਕੀਤੀ ਗਈ।

### ਅਧਿਆਪਕਾਂ ਨੂੰ ਤਨਖਾਹਾਂ ਜਾਰੀ ਕਰਨ ਦੀ ਪੈਨਸ਼ਨਰਾਂ ਨੇ ਕੀਤੀ ਵਕਾਲਤ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) :— ਪੰਜਾਬ ਮੁਲਾਜਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਕਨਵੀਨਰ ਸ਼ਬੇਗ ਸਿੰਘ, ਕਿ ਕਨਵੀਨਰ ਜਸਪਾਲ ਸਿੰਘ ਰਿਟਾਇਰਡ ਡੀ.ਐਸ.ਪੀ, ਅਜੀਤ ਸਿੰਘ ਸੋਢੀ, ਮੁਹਿੰਦਰ ਸਿੰਘ ਧਾਲੀਵਾਲ, ਕਸ਼ਮੀਰ ਸਿੰਘ ਥਿੰਦ, ਗੁਰਪ੍ਰਤਾਪ ਸਿੰਘ, ਓਮ ਪ੍ਰਕਾਸ਼, ਗੁਰਦੇਵ ਸਿੰਘ ਸਿੱਧੂ ਜਿਲ੍ਹਾ ਪ੍ਰਧਾਨ, ਰਾਮ ਪ੍ਰਕਾਸ਼ ਪ੍ਰਧਾਨ ਸਿਹਤ ਵਿਭਾਗ, ਨਰਿੰਦਰ ਸ਼ਰਮਾ, ਪਰਤਾਪ ਸਿੰਘ ਢਿੱਲੋਂ, ਗੁਰਮੀਤ ਸਿੰਘ ਔਲਖ, ਪਰਦੀਪ ਸਿੰਘ ਰਾਣਾ, ਰਾਜੀਵ ਪ੍ਰਧਾਨ ਅਧਿਆਪਕ ਯੂਨੀਅਨ, ਖਜ਼ਾਨ ਸਿੰਘ, ਅਜੀਤ ਸਿੰਘ ਸੋਢੀ ਆਦਿ ਨੇ ਪੰਜਾਬ ਸਰਕਾਰ ਅਤੇ ਡੀ.ਏ.ਵੀ ਕਾਲਜ ਮੈਨੇਜਮੈਂਟ ਫ਼ਿਰੋਜ਼ਪੁਰ ਤੋਂ ਮੰਗ ਕੀਤੀ ਕਿ ਸਮਾਜ ਅਤੇ ਦੇਸ਼ ਦਾ ਭਵਿੱਖ ਬਣਾਉਣ ਵਾਲ਼ੇ ਅਤੇ ਬੱਚਿਆਂ ਨੂੰ ਸਿੱਖਿਅਤ ਕਰਨ ਵਾਲੇ ਅਧਿਆਪਕਾਂ ਦੀਆਂ ਪਿਛਲੇ ਛੇ ਮਹੀਨਿਆਂ ਤੋਂ ਰਹਿੰਦੀਆਂ ਤਨਖ਼ਾਹਾਂ ਤੁਰੰਤ ਜਾਰੀ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਅੱਜ ਦੀ ਮਹਿਗਾਈ ਦੇ ਸਮੇਂ ਵਿਚ ਮੁਲਾਜ਼ਮਾਂ ਦੀ ਤਨਖਾਹ ਦੇ ਆਸਰੇ ਘਰ ਦਾ ਗੁਜ਼ਾਰਾ ਚਲਦਾ ਹੈ, ਜੇਕਰ ਛੇ—ਛੇ ਮਹੀਨਿਆਂ ਤੱਕ ਤਨਖਾਹ ਨਾ ਮਿਲੇ ਤਾਂ   ਕੁਦਰਤੀ ਹੈ ਕਿ ਅਧਿਆਪਕਾਂ ਨੂੰ ਸੰਘਰਸ਼ ਲਈ ਮਜਬੂਰ ਹੋਣਾ ਪਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਅਧਿਆਪਕਾਂ ਨੂੰ ਜਲਦੀ ਤਨਖਾਹਾਂ ਨਾ ਜਾਰੀ ਕੀਤੀਆਂ ਤਾਂ ਪੰਜ਼ਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਅਧਿਆਪਕਾਂ ਦੀਆਂ ਤਨਖ਼ਾਹਾਂ ਸਬੰਧੀ ਕੀਤੇ ਜਾ ਰਹੇ ਸੰਘਰਸ਼ ਦੀ ਪੂਰੀ ਹਮਾਇਤ ਕੀਤੀ ਜਾਵੇਗੀ।

### ਅਣ-ਪਛਾਤੇ ਵਾਹਨ ਵੱਲੋਂ ਮੋਟਰਸਾਈਕਲ ਸਵਾਰ ਨੂੰ ਮਾਰੀ ਟੱਕਰ, ਮੌਕੇ ਤੇ ਮੌਤ

**ਪੁਲਿਸ ਵੱਲੋਂ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ, ਦੋਸ਼ੀ ਨੂੰ ਜਲਦ ਕਾਬੂ ਕੀਤਾ ਜਾਵੇਗਾ: ਪੁਲਿਸ**

ਚੌਕ ਮਹਿਤਾ, 17 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਬੀਤ ਸ਼ਾਮ ਇੱਕ ਸੜ੍ਹਕ ਹਾਦਸੇ ਵਿੱਚ ਨੌਜਵਾਨ ਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਮੌਕੇ ਪੀੜਤ ਪਰਿਵਾਰ ਅਤੇ ਭਰਾ ਲਾਲੀ ਵੇਰਕਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਉਸਦਾ ਭਰਾ ਗੁਲਸ਼ਨ ਕੁਮਾਰ ਜੋ ਕਿ ਰੋਜ਼ਾਨਾ ਦੀ ਤਰ੍ਹਾ ਆਪਣੇ ਕੰਮ ਤੋਂ ਘਰ ਵਾਪਸ ਆ ਰਿਹਾ ਸੀ ਕਿ ਪਰ ਵੇਰਕਾ ਬਾਈਪਾਸ ਤੇ ਕਿਸੇ ਅਣ-ਪਛਾਤੇ ਵਾਹਨ ਵੱਲੋਂ ਮੋਟਰਸਾਈਕਲ ਨੂੰ



ਪਿੱਛੋ ਟੱਕਰ ਮਾਰ ਦਿੱਤੀ ਜਿਸ ਕਾਰਨ ਮੋਟਰਸਾਈਕਲ ਸਵਾਰ ਗੁਲਸ਼ਨ ਕੁਮਾਰ ਦਾ ਸੰਤੁਲਨ ਵਿਗੜ ਗਿਆ ਅਤੇ ਉਸਦੀ ਮੌਕੇ ਤੇ ਮੌਤ ਹੋ ਗਈ। ਇਸ ਸਬੰਧੀ ਪੁਲਿਸ ਥਾਣਾ ਸਦਰ ਦੀ ਪੁਲਿਸ ਟੀਮ ਦੇ ਇੰਨਚਾਰਜ਼ ਐਸ.ਆਈ. ਹੰਸ ਰਾਜ ਨੇ ਮੌਕੇ ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਮੁਕੱਦਮਾ ਦਰਜ ਕਰਕੇ ਅਗਲੇਰੀ ਜਾਂਚ ਸੁਰੂ ਕਰ ਦਿੱਤੀ ਅਤੇ ਪੀੜਤ ਪਰਿਵਾਰ ਭਰੋਸਾ ਨੂੰ ਭਰੋਸਾ ਦਿਵਾਇਆ ਕਿ ਜਲਦ ਹੀ ਵਾਹਨ ਚਾਲਕ ਨੂੰ ਕਾਬੂ ਕਰ ਲਿਆ ਜਾਵੇਗਾ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਜਤਿੰਦਰ ਕੁਮਾਰ ਮਿੰਟਾ ਨੇ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਮ੍ਰਿਤਕ ਪਰਿਵਾਰ ਵਿੱਚ ਇਕੱਲਾ ਕਮਾਉਣ ਵਾਲਾ ਸੀ ਅਤੇ ਜਿਸਦੀਆ 3 ਧੀਆਂ ਅਤੇ 1 ਲੜਕਾ ਅਜੇ ਪੜਾਈ ਕਰ ਰਹੇ ਹਨ। ਜਿਸ ਕਾਰਨ ਪਰਿਵਾਰ ਵੱਡੀ ਆਰਥਿਕ ਮੁਸ਼ਕਲ ਵਿੱਚ ਫਸ ਚੁੱਕਾ ਹੈ ਅਤੇ ਪ੍ਰਸ਼ਾਸਨ ਨੂੰ ਪੀੜਤ ਪਰਿਵਾਰ ਦੀ ਮਦਦ ਕਰਨੀ ਚਾਹੀਦੀ ਹੈ। ਉਨ੍ਹਾ ਪੁਲਿਸ ਪ੍ਰਸ਼ਾਸਨ ਨੂੰ ਵੀ ਅਪੀਲ ਕੀਤੀ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕਰਕੇ ਦੋਸ਼ੀਆਂ ਨੂੰ ਜਲਦ ਕਾਬੂ ਕੀਤਾ ਜਾਵੇ।

# ਮਾਝਾ ਮਾਲਵਾ ਅਤੇ ਦੁਆਬਾ ਖੇਤਰਾਂ ਵਿੱਚ ਟੁੱਟ ਚੁੱਕੇ ਅਤੇ ਢਹਿ ਰਹੇ ਬੰਨ੍ਹਾਂ ਦੀ ਸੇਵਾ ਦੀ ਜਿੰਮੇਵਾਰੀ ਪੂਰੀ ਤਰ੍ਹਾਂ ਓਟ ਚੁੱਕੀ ਹੈ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ

- ਰਮਦਾਸ ਨੇੜੇ ਸੰਪਰਦਾਇ ਵਜੋਂ ਲਗਾਈਆਂ ਜਾਣਗੀਆਂ ਇੱਕ ਪਿੰਡ ਵਿੱਚ ਸੋਲਰ ਲਾਈਟਾਂ • ਬੰਨ੍ਹਾਂ ਦੇ ਬਹਾਦਰ ਸੇਵਾਦਾਰਾਂ ਦੇ ਹੌਸਲੇ ਬੁਲੰਦ ਕਰਨ ਪਹੁੰਚੇ ਸੰਤ ਬਾਬਾ ਸੁੱਖਾ ਸਿੰਘ ਜੀ
- ਸੰਤ ਬਾਬਾ ਹਾਕਮ ਸਿੰਘ ਬੰਨ੍ਹ ਮਜ਼ਬੂਤੀ ਦੀਆਂ ਸੇਵਾਵਾਂ ਦੀ ਨਜ਼ਰਸਾਨੀ ਕਰਨ ਲਈ ਤਹਿਸੀਲ ਜ਼ੀਰਾ ਦੇ ਪਿੰਡ ਵਾੜਾ ਕਾਲੀ ਰਾਊਨ ਪਹੁੰਚੇ











ਸਰਹਾਲੀ ਸਾਹਿਬ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)- ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਪੰਜਾਬ ਦੇ ਮਾਝਾ ਮਾਲਵਾ ਅਤੇ ਦੁਆਬਾ ਖੇਤਰ ਵਿੱਚ ਸੇਵਾਵਾਂ ਨਿਰੰਤਰ ਚੱਲ ਰਹੀਆਂ ਹਨ, ਜਿਨਾਂ ਵਿੱਚ ਰਮਦਾਸ, ਸੁਲਤਾਨਪੁਰ ਲੋਧੀ, ਤਰਨ ਤਾਰਨ ਤੇ ਫਿਰੋਜ਼ਪੁਰ ਦੇ ਇਲਾਕੇ ਸ਼ਾਮਿਲ ਹਨ। ਦਰਿਆਵਾਂ ਦੇ ਟੁੱਟ ਚੁੱਕੇ ਬੰਨ੍ਹਾਂ ਅਤੇ ਢਹਿ ਰਹੇ ਬੰਨ੍ਹਾਂ ਦੀਆਂ ਸੇਵਾਵਾਂ ਚਲਦੀਆਂ ਵੇਖ ਕੇ ਕਿਹਾ ਜਾ ਸਕਦਾ ਹੈ ਕਿ ਸੰਪਰਦਾਇ ਕਾਰ ਸੇਵਾ ਸਰਹਾਲੀ ਨੇ ਇਹਨਾਂ ਸਾਰੇ ਬੰਨ੍ਹਾਂ ਦੀ ਜ਼ਿੰਮੇਵਾਰੀ ਆਪਣੇ ਸਿਰ ਓਟੀ ਹੈ। ਸੰਤ ਬਾਬਾ ਸੁੱਖਾ ਸਿੰਘ ਜੀ ਅੱਜ ਸੰਗਤ ਦੇ ਸੱਦੇ ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਜਲਾਲਾਬਾਦ ਅਤੇ ਖੋਜਕੀਪੁਰ ( ਨੇੜੇ ਰਈਆ) ਪਹੁੰਚੇ। ਇਸ ਪਿੰਡ ਦੀ ਸੰਗਤ ਵੱਲੋਂ ਮਿੱਟੀ ਦੇ ਬੋਰੇ ਭਰ ਭਰ ਕੇ ਬੰਨ੍ਹਾਂ ਤੇ ਭੇਜੇ ਜਾ ਰਹੇ ਹਨ। ਲਗਭਗ 15 ਹਜ਼ਾਰ ਤੋੜੇ ਭਰ ਕੇ ਇਸ ਪਿੰਡ ਵੱਲੋਂ ਬੰਨ੍ਹ ਤੇ ਭੇਜੇ ਜਾ ਚੁੱਕੇ ਹਨ। ਬਾਬਾ ਜੀ ਦੇ ਹੁਕਮ ਨਾਲ ਇੱਥੇ ਨੌਜਵਾਨਾਂ ਵੱਲੋਂ 8 ਹਜ਼ਾਰ ਤੋੜੇ ਹੋਰ ਭਰੇ ਜਾ ਰਹੇ ਹਨ, ਜੋ ਵੀਰਵਾਰ ਨੂੰ ਘੋਨੇਵਾਲ (ਰਮਦਾਸ) ਦੇ ਬੰਨ੍ਹ ਤੇ ਭੇਜੇ ਜਾਣਗੇ। ਇਹਨਾਂ ਨੌਜਵਾਨਾਂ ਦੀ ਹੌਸਲਾ ਅਫ਼ਜ਼ਾਈ ਕਰਨ ਅਤੇ ਚੜ੍ਹਦੀਕਲਾ ਦੀ ਅਰਦਾਸ ਕਰਨ ਲਈ ਬਾਬਾ ਜੀ ਪਿੰਡ ਜਲਾਲਾਬਾਦ ਅਤੇ ਖੋਜਕੀਪੁਰ ਪਹੁੰਚੇ। ਏਥੇ ਪਹੁੰਚ ਕੇ ਬਾਬਾ ਜੀ ਨੇ ਖੁਦ ਵੀ ਤੋੜੇ ਭਰਨ ਦੀ ਸੇਵਾ ਕੀਤੀ ਅਤੇ ਸੰਗਤ ਨੂੰ ਸੇਵਾ ਕਰਨ ਲਈ ਉਤਸ਼ਾਹਤ ਕੀਤਾ। ਸੰਤ ਬਾਬਾ ਸੁੱਖਾ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਆਸ ਹੈ ਕਿ ਵੀਰਵਾਰ ਰਾਤ ਤਕ ਘੋਨੇਵਾਲ ਵਿਖ਼ੇ ਰਾਵੀ ਦੇ ਧੁੱਸੀ ਬੰਨ੍ਹ ਦਾ ਪਾੜ ਪੂਰ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਸੰਪਰਦਾਇ ਵੱਲੋਂ ਏਥੇ ਇਕ ਪਿੰਡ ਵਿਚ ਸੋਲਰ ਸਿਸਟਮ ਲਾਈਟਾਂ ਲਗਵਾਉਣ ਦੀ ਸੇਵਾ ਵੀ ਕੀਤੀ ਜਾਣੀ ਹੈ। ਟੁੱਟ ਬਾਕੀ ਇਲਾਕਿਆਂ ਦੇ ਟੁੱਟ ਚੁੱਕੇ ਬੰਨ੍ਹਾਂ ਦੀਆਂ ਸੇਵਾਵਾਂ ਅਗਲੇ ਦੋ ਮਹੀਨੇ ਜਾਰੀ ਰਹਿਣਗੀਆਂ। ਬਾਊਪੁਰ ( ਸੁਲਤਾਨਪੁਰ ਲੋਧੀ) ਦੇ ਬੰਨ੍ਹ ਦਾ ਪਾੜ ਬਹੁਤ ਵੱਡਾ ਹੈ, 3 ਦਿਨ ਪਹਿਲਾਂ ਸੇਵਾ ਆਰੰਭ ਹੋਈ ਹੈ।÷  ਬਾਅਦ ਦੁਪਹਿਰ ਸੰਤ ਬਾਬਾ ਸੁੱਖਾ ਸਿੰਘ ਜੀ ਸੰਗਤਾਂ ਸਮੇਤ ਪਿੰਡ ਵਾੜਾ ਕਾਲੀ ਰਾਊਨ ਪਹੁੰਚੇ ਅਤੇ ਸੇਵਾ ਵਿਚ ਜੁੱਟ ਗਏ। ਜਥੇਦਾਰ ਬਾਬਰ ਸਿੰਘ ਜੀ ਨੇ ਦੱਸਿਆ ਕਿ ਇਸ ਬੰਨ੍ਹ ਦੀ ਨਾਜ਼ੁਕ ਸਥਿਤੀ ਨੂੰ ਵੇਖਦਿਆਂ ਸਵੇਰ ਵੇਲੇ ਸੰਤ ਬਾਬਾ ਹਾਕਮ ਸਿੰਘ ਜੀ ਇੱਥੇ ਪਹੁੰਚ ਕੇ ਚੱਲ ਰਹੀ ਸੇਵਾ ਅਤੇ ਪ੍ਰਬੰਧਾਂ ਜਾਇਜ਼ਾ ਲੈ ਕੇ ਗਏ ਹਨ ਅਤੇ ਬਾਅਦ ਦੁਪਹਿਰ ਸੰਤ ਬਾਬਾ ਸੁੱਖਾ ਸਿੰਘ ਜੀ ਸੰਗਤਾਂ ਸਮੇਤ ਸੇਵਾ ਲਈ ਪਹੁੰਚ ਗਏ। ਸੰਪਰਦਾਇ ਦੀ ਅਗਵਾਈ ਵਿਚ ਅੱਜ ਪਿੰਡ ਝੀਤੇ ਤਹਿਸੀਲ ਜੀਰਾ ਤੋਂ ਲੱਖੀ ਸਰਪੰਚ ਤੇ ਉਨਾਂ ਦੇ ਸਾਥੀ 5 ਹਜਾਰ ਭਰੇ ਹੋਏ ਮਿੱਟੀ ਦੇ ਤੋੜੇ ਲੈ ਕੇ ਇੱਥੇ ਪਹੁੰਚੇ। ਜਿਨਾਂ ਨੂੰ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਸਿਰੋਪਾਉ ਦੇ ਕੇ ਨਿਵਾਜਿਆ।"

# ਚਰਨਜੀਤ ਸਿੰਘ ਰਾਜਪੂਤ ਨੇ ਭਾਰਤ ਸਰਕਾਰ ਵੱਲੋਂ ਗੁਰਦੁਆਰਾ ਨਨਕਾਣਾ ਸਾਹਿਬ ਦੀ ਯਾਤਰਾ 'ਤੇ ਰੋਕ ਲਗਾਉਣ ਲਈ ਚਿੰਤਾ ਜਤਾਈ

ਨਵੀਂ ਦਿੱਲੀ, 17 ਸਤੰਬਰ ਆਵਾਜ਼ਿ ਕੌਮ ਬਿਊਰੋ): ਆਲ ਇੰਡੀਆ ਸਿੱਖ ਕੌਂਸਲ ਦੇ ਕੌਮੀ ਪ੍ਰਧਾਨ ਸ. ਚਰਨਜੀਤ ਸਿੰਘ ਰਾਜਪੂਤ ਨੇ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਇਕ ਚਿੱਠੀ ਲਿਖ ਕੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨਾਲ ਜੁੜੇ ਇਕ ਮਹੱਤਵਪੂਰਨ ਮਸਲੇ ਵੱਲ ਧਿਆਨ ਦਿਵਾਇਆ ਹੈ। ਇਹ ਮਸਲਾ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੇ ਮੌਕੇ 'ਤੇ ਪਾਕਿਸਤਾਨ ਸਥਿਤ ਗੁਰਦੁਆਰਾ ਨਨਕਾਣਾ ਸਾਹਿਬ ਦੀ ਯਾਤਰਾ ਨਾਲ ਸੰਬੰਧਿਤ ਹੈ। ਸ੍ਰੀ ਰਾਜਪੂਤ ਨੇ ਆਪਣੇ ਪੱਤਰ ਵਿੱਚ ਲਿਖਿਆ ਕਿ ਸਿੱਖ ਧਰਮ ਦੇ ਪਹਿਲੇ ਗੁਰੂ, ਸ੍ਰੀ ਗੁਰੂ ਨਾਨਕ ਦੇਵ ਜੀ ਸ਼ਾਂਤੀ, ਭਰਾਤ੍ਰਤਾ ਅਤੇ ਸਮਾਨਤਾ ਦੇ ਪ੍ਰਤੀਕ ਹਨ। ਉਨ੍ਹਾਂ ਦਾ ਪ੍ਰਕਾਸ਼ ਗੁਰਪੁਰਬ ਸਿੱਖਾਂ ਲਈ ਸਭ ਤੋਂ ਪਵਿੱਤਰ ਤੇ ਮਹੱਤਵਪੂਰਨ ਦਿਹਾੜਾ ਹੈ। ਹਰ ਸਾਲ ਹਜ਼ਾਰਾਂ ਸਿੱਖ ਸ਼ਰਧਾਲੂ ਪਾਕਿਸਤਾਨ ਜਾ ਕੇ  ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ 'ਚ ਦਰਸ਼ਨ ਕਰਦੇ ਹਨ, ਕਿਉਂਕਿ ਇਹ ਗੁਰੂ ਨਾਨਕ ਦੇਵ ਜੀ ਦਾ ਜਨਮ ਅਸਥਾਨ ਹੈ, ਪਰ ਇਸ ਸਾਲ ਭਾਰਤ ਸਰਕਾਰ ਵੱਲੋਂ ਸਿੱਖ ਸ਼ਰਧਾਲੂਆਂ ਨੂੰ ਇਸ ਯਾਤਰਾ ਤੋਂ ਰੋਕ ਦਿੱਤਾ ਗਿਆ ਹੈ। ਇਸ ਫ਼ੈਸਲੇ ਨੇ ਸਿੱਖ ਕੌਮ ਨੂੰ ਗਹਿਰੇ ਦੁੱਖ ਤੇ ਨਿਰਾਸ਼ਾ ਵਿੱਚ ਪਾ ਦਿੱਤਾ ਹੈ। ਚਰਨਜੀਤ ਸਿੰਘ ਰਾਜਪੂਤ ਨੇ ਕਿਹਾ ਕਿ ਇਹ ਕਦਮ ਧਾਰਮਿਕ ਅਧਿਕਾਰਾਂ ਦੀ ਉਲੰਘਣਾ ਹੈ ਅਤੇ ਸਿੱਖਾਂ ਦੀਆਂ ਭਾਵਨਾਵਾਂ 'ਤੇ ਸਿੱਧਾ ਖਿਲਵਾੜ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਰੋਕ ਨਾ ਸਿਰਫ਼ ਧਾਰਮਿਕ ਆਜ਼ਾਦੀ ਦੇ ਸੰਵਿਧਾਨਕ ਸਿਧਾਂਤਾਂ ਦੇ ਖ਼ਿਲਾਫ਼ ਹੈ, ਸਗੋਂ ਇਸ ਨਾਲ ਭਾਰਤ-ਪਾਕਿਸਤਾਨ ਦੇ ਵਿਚਕਾਰ ਸਾਲਾਂ ਤੋਂ ਬਣੇ ਹੋਏ ਸੱਭਿਆਚਾਰਕ ਸੰਬੰਧ ਤੇ ਲੋਕਾਂ ਦੇ ਆਪਸੀ ਰਿਸ਼ਤੇ ਵੀ ਕਮਜ਼ੋਰ ਹੁੰਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਵਿਦੇਸ਼ਾਂ ਵਿੱਚ ਵੱਸਦੇ ਲੱਖਾਂ ਸਿੱਖ ਵੀ ਇਸ ਫ਼ੈਸਲੇ ਨਾਲ ਨਾਰਾਜ਼ ਹਨ ਅਤੇ ਇਸ ਨੂੰ ਧਾਰਮਿਕ ਆਜ਼ਾਦੀ 'ਤੇ ਸਿੱਧੀ ਦਖ਼ਲਅੰਦਾਜ਼ੀ ਮੰਨ ਰਹੇ ਹਨ। ਆਲ ਇੰਡੀਆ ਸਿੱਖ ਕੌਂਸਲ ਨੇ ਭਾਰਤ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਇਸ ਫ਼ੈਸਲੇ 'ਤੇ ਫ਼ੌਰੀ ਦੁਬਾਰਾ ਵਿਚਾਰ ਕੀਤਾ ਜਾਵੇ ਅਤੇ ਪਾਕਿਸਤਾਨ ਨਾਲ ਸੰਪਰਕ ਕਰਕੇ ਸਿੱਖ ਸ਼ਰਧਾਲੂਆਂ ਦੀ ਯਾਤਰਾ ਯਕੀਨੀ ਬਣਾਈ ਜਾਵੇ, ਨਾਲ ਹੀ ਭਵਿੱਖ ਲਈ ਇਕ ਪੱਕੀ ਅਤੇ ਪਾਰਦਰਸ਼ੀ ਪ੍ਰਣਾਲੀ ਤਿਆਰ ਕੀਤੀ ਜਾਵੇ ਤਾਂ ਜੋ ਸਿੱਖਾਂ ਨੂੰ ਹਰ ਸਾਲ ਇਸ ਤਰ੍ਹਾਂ ਦੀ ਨਿਰਾਸ਼ਾ ਦਾ ਸਾਹਮਣਾ ਨਾ ਕਰਨਾ ਪਵੇ। ਸ੍ਰੀ ਰਾਜਪੂਤ ਨੇ ਆਪਣੇ ਪੱਤਰ ਵਿੱਚ ਸਾਫ਼ ਕਿਹਾ ਕਿ ਸਾਰਾ ਸਿੱਖ ਸਮਾਜ ਸਰਕਾਰ ਨੂੰ ਬੇਨਤੀ ਕਰਦਾ ਹੈ ਕਿ ਇਸ ਫ਼ੈਸਲੇ 'ਤੇ ਮੁੜ ਵਿਚਾਰ ਕਰਕੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਅਤੇ ਆਸਥਾ ਦਾ ਆਦਰ ਕੀਤਾ ਜਾਵੇ।



- ਆਲ ਇੰਡੀਆ ਸਿੱਖ ਕੌਂਸਲ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਚਿੱਠੀ ਲਿਖ ਕੇ ਸਿੱਖਾਂ ਦੀਆਂ ਭਾਵਨਾਵਾਂ ਸੰਬੰਧੀ ਜਾਣੂ ਕਰਵਾਇਆ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243